ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਵੀਰਵਾਰ, 20 ਫਰਵਰੀ 2025 (ਨਾਨਕਸ਼ਾਹੀ ਸੰਮਤ : ੫੫੬, ੯ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਭ੍ਰਿਸ਼ਟਾਚਾਰ ਵਿਚ ਸ਼ਾਮਲ ਪੰਜਾਬ ਪੁਲਸ ਦੇ 52 ਅਧਿਕਾਰੀ ਬਰਖਾਸਤ



**ਚੰਡੀਗੜ੍ਹ, 19 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੁਲਸ ਨੇ ਭ੍ਰਿਸ਼ਟਾਚਾਰ ਖ਼ਿਲਾਫ਼ ਵੱਡੀ ਕਾਰਵਾਈ ਕੀਤੀ ਹੈ। ਭ੍ਰਿਸ਼ਟਾਚਾਰ ਵਿਚ ਸ਼ਾਮਲ 52 ਪੁਲਸ ਅਧਿਕਾਰੀਆਂ ਨੂੰ ਹੁਣ ਤਕ ਬਰਖਾਸਤ ਕੀਤਾ ਜਾ ਚੁੱਕਾ ਹੈ। ਇਸ ਵਿਚ ਕਾਂਸਟੇਬਲ ਤੋਂ ਲੈ ਕੇ ਇੰਸਪੈਕਟਰ ਰੈਂਕ ਦੇ ਮੁਲਾਜ਼ਮ ਸ਼ਾਮਲ ਹਨ। ਇਹ ਦਾਅਵਾ ਪੰਜਾਬ ਦੇ ਡੀ. ਜੀ. ਪੀ. ਗੌਰਵ ਯਾਦਵ ਨੇ ਪ੍ਰੈੱਸ ਕਾਨਫਰੰਸ ਵਿਚ ਕੀਤਾ ਹੈ।ਉਨ੍ਹਾਂ ਨੇ ਕਿਹਾ ਕਿ ਪੁਲਸ ਭ੍ਰਿਸ਼ਟਾਚਾਰ ਖ਼ਿਲਾਫ਼ ਜ਼ੀਰੋ ਟਾਲਰੈਂਸ ਦੀ ਨੀਤੀ ਅਪਣਾਏਗੀ।ਪੁਲਸ ਵਿਚ ਕਾਲੀਆਂ ਭੇਡਾਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਥੇ ਹੀ ਦਿੱਲੀ ਪੁਲਸ ਦੀ ਤਰਜ਼ 'ਤੇ ਇਕ ਮਹੀਨੇ ਵਿਚ ਈ-ਐੱਫ. ਆਰ.ਈ.ਆਰ.ਦਾਖਲ ਕਰਨ ਦੀ ਪ੍ਰਕਿਰਿਆ ਸ਼ੁਰੂ ਹੋ ਜਾਵੇਗੀ। ਭ੍ਰਿਸ਼ਟਾਚਾਰ ਵਿਚ ਸ਼ਾਮਲ 50 ਪੁਲਸ ਅਧਿਕਾਰੀਆਂ ਨੂੰ ਬਰਖਾਸਤ ਕੀਤਾ ਜਾ ਚੁੱਕਾ ਹੈ। ਇਥੇ ਇਹ ਵੀ ਦੱਸਣਯੋਗ ਹੈ ਕਿ ਦੋ ਦਿਨ ਪਹਿਲਾਂ ਹੀ ਸ੍ਰੀ ਮੁਕਤਸਰ ਸਾਹਿਬ ਦੇ ਡੀ. ਸੀ. ਨੂੰ ਬਰਖਾਸਤ ਕੀਤਾ ਗਿਆ ਸੀ।ਪੰਜਾਬ ਸਰਕਾਰ ਲਗਾਤਾਰ ਭ੍ਰਿਸ਼ਟਾਚਾਰ ਖ਼ਿਲਾਫ਼ ਕਾਰਵਾਈ ਕਰ ਰਹੀ ਹੈ।

## ਦਿੱਲੀ ਦੀ ਨਵੀਂ ਮੁੱਖ ਮੰਤਰੀ ਦਾ ਐਲਾਨ

# ਰੇਖਾ ਗੁਪਤਾ ਅੱਜ ਚੁੱਕੇਗੀ ਸਹੁੰ



**ਨਵੀਂ ਦਿੱਲੀ, 19 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੇ ਮੁੱਖ ਮੰਤਰੀ ਚਹਿਰੇ ਦਾ ਸੰਸਪੈਂਸ ਖਤਮ ਹੋ ਗਿਆ ਹੈ।ਭਾਜਪਾ ਨੇ ਆਪਣੀ ਨਵੀਂ ਚੁਣੀ ਗਈ ਵਿਧਾਇਕ ਰੇਖਾ ਗੁਪਤਾ ਨੂੰ ਦਿੱਲੀ ਦੇ ਮੁੱਖ ਮੰਤਰੀ ਦੀ ਜ਼ਿੰਮੇਵਾਰੀ ਸੌਂਪ ਦਿੱਤੀ ਹੈ। ਰੇਖਾ ਗੁਪਤਾ ਸ਼ਾਲੀਮਾਰ ਬਾਗ ਸੀਟ ਤੋਂ ਜਿੱਤਣ ਤੋਂ ਬਾਅਦ ਵਿਧਾਇਕ ਬਣੀ। ਭਾਜਪਾ ਵਿਧਾਇਕ ਦਲ ਦੀ ਮੀਟਿੰਗ ਵਿੱਚ ਉਨ੍ਹਾਂ ਦੇ ਨਾਮ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ। ਉਹ ਵੀਰਵਾਰ ਦੁਪਹਿਰ ਰਾਮਲੀਲਾ ਮੈਦਾਨ ਵਿੱਚ ਮੁੱਖ ਮੰਤਰੀ ਵਜੋਂ ਸਹੁੰ ਚੁੱਕਣਗੇ। ਇਸ ਦੇ ਨਾਲ ਹੀ ਪ੍ਰਵੇਸ਼ ਵਰਮਾ ਨੂੰ ਡਿਪਟੀ ਸੀ.ਐੱਮ. ਬਣਾਏ ਜਾਣ ਦੀਆਂ ਚਰਚਾਵਾਂ ਹਨ। ਦਿੱਲੀ ਦੇ ਨਵੇਂ ਮੁੱਖ ਮੰਤਰੀ ਦਾ ਸਹੁੰ ਚੁੱਕ ਸਮਾਗਮ ਵੀਰਵਾਰ ਯਾਨੀ 20 ਫਰਵਰੀ ਨੂੰ ਸਵੇਰੇ ਲਗਭਗ 11.00 ਵਜੇ ਸ਼ੁਰੂ ਹੋਵੇਗਾ। ਉਪ ਰਾਜਪਾਲ ਵੀਕੇ ਸਕਸੈਨਾ ਨਵੇਂ ਮੁੱਖ ਮੰਤਰੀ ਅਤੇ ਕੈਬਨਿਟ ਨੂੰ ਦੁਪਹਿਰ 12.35 ਵਜੇ ਸਹੁੰ ਚੁਕਾਉਣਗੇ।ਪਹਿਲਾਂ ਇਹ ਪ੍ਰੋਗਰਾਮ ਸ਼ਾਮ 4.30 ਵਜੇ ਲਈ ਪ੍ਰਸਤਾਵਿਤ ਸੀ। ਬੁੱਧਵਾਰ ਸ਼ਾਮ ਨੂੰ ਦਿੱਲੀ ਵਿੱਚ ਨਵੇਂ ਚੁਣੇ ਗਏ ਭਾਜਪਾ ਵਿਧਾਇਕਾਂ ਦੀ ਇੱਕ ਮੀਟਿੰਗ ਹੋਈ, ਜਿਸ ਵਿੱਚ ਰੇਖਾ ਗੁਪਤਾ ਨੂੰ ਵਿਧਾਇਕ ਦਲ ਦਾ ਨੇਤਾ ਚੁਣਿਆ ਗਿਆ। ਰੇਖਾ ਗੁਪਤਾ ਉਪ ਰਾਜਪਾਲ ਵੀਕੇ ਸਕਸੈਨਾ ਨਾਲ ਮੁਲਾਕਾਤ ਕਰਕੇ ਸਰਕਾਰ ਬਣਾਉਣ ਦਾ ਦਾਅਵਾ ਪੇਸ਼ ਕਰੇਗੀ ਅਤੇ ਨਵੀਂ ਸਰਕਾਰ 20 ਫਰਵਰੀ ਨੂੰ ਰਾਮਲੀਲਾ ਮੈਦਾਨ ਵਿੱਚ ਸਹੁੰ ਚੁੱਕੇਗੀ।

## ਹਰਜਿੰਦਰ ਧਾਮੀ ਦੇ ਅਸਤੀਫੇ ਮਗਰੋਂ ਘਰ ਪਹੁੰਚੇ ਅਕਾਲੀ ਆਗੂ, ਮਨਾਉਣ ਦੀਆਂ ਕੋਸ਼ਿਸ਼ਾਂ ਜਾਰੀ



**ਅੰਮ੍ਰਿਤਸਰ, 19 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਦਿਨੀਂ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨਗੀ ਤੋਂ ਅਸਤੀਫਾ ਦੇ ਦਿੱਤਾ ਸੀ। ਇਸ ਅਸਤੀਫੇ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਵਲੋਂ ਐਡਵੋਕੇਟ ਧਾਮੀ ਨੂੰ ਮਨਾਉਣ ਲਈ ਲਗਾਤਾਰ ਕੋਸ਼ਿਸ਼ਾਂ ਹੋ ਰਹੀਆਂ ਹਨ। ਇਸ ਤਹਿਤ ਸੀਨੀਅਰ ਅਕਾਲੀ ਆਗੂ ਡਾ. ਦਲਜੀਤ ਸਿੰਘ ਚੀਮਾ, ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ, ਹੀਰਾ ਸਿੰਘ ਗਾਬੜੀਆ, ਕੁਲਵੰਤ ਸਿੰਘ ਮੰਨਣ, ਵਰਿੰਦਰ ਸਿੰਘ ਬਾਜਵਾ, ਜਤਿੰਦਰ ਸਿੰਘ ਲਾਲੀ ਬਾਜਵਾ ਹਰਜਿੰਦਰ ਸਿੰਘ ਧਾਮੀ ਦੇ ਘਰ ਪਹੁੰਚੇ ਹਨ। ਦੱਸਿਆ ਜਾ ਰਿਹਾ ਹੈ ਕਿ ਇਹ ਸਾਰੇ ਆਗੂ ਇਸ ਕਰਕੇ ਮਿਲਣ ਆਏ ਹਨ ਤਾਂ ਕਿ ਹਰਜਿੰਦਰ ਸਿੰਘ ਧਾਮੀ ਆਪਣਾ ਦਿੱਤਾ ਹੋਇਆ ਅਸਤੀਫਾ ਵਾਪਸ ਲੈਣ। ਇਹ ਸਾਰੇ ਆਗੂ ਹਰਜਿੰਦਰ ਸਿੰਘ ਧਾਮੀ ਨੂੰ ਉਨ੍ਹਾਂ ਦੇ ਘਰ ਮਿਲਣ ਲਈ ਪਹੁੰਚੇ ਹਨ।

## ਚੰਡੀਗੜ੍ਹ ਪੁਲਿਸ ਨੇ ਰੋਕਿਆ ਕੇਂਦਰੀ ਮੰਤਰੀ ਰਵਨੀਤ ਬਿੱਟੂ ਦਾ ਕਾਫਲਾ, ਬਿੱਟੂ ਦਾ ਇਲਜ਼ਾਮ, ਪੁਲਿਸ ਨੇ ਗਾਲਾਂ ਕੱਢੀਆਂ



**ਚੰਡੀਗੜ੍ਹ, 19 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅੱਜ ਬੁੱਧਵਾਰ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਮਿਲਣ ਜਾ ਰਹੇ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦੇ ਸੁਰੱਖਿਆ ਅਮਲੇ ਤੇ ਚੰਡੀਗੜ੍ਹ ਪੁਲਿਸ ਦੇ ਅਧਿਕਾਰੀਆਂ ਵਿਚਾਲੇ ਗਾਲੀ-ਗਲੋਚ ਤੇ ਹੱਥੋਪਾਈ ਹੋਈ। ਚੰਡੀਗੜ੍ਹ ਪੁਲਿਸ ਦੇ ਅਧਿਕਾਰੀਆਂ ਨੇ ਬਿੱਟੂ ਦੇ ਕਾਫਲੇ ਨੂੰ ਇਜਾਜ਼ਤ ਨਾ ਹੋਣ ਦਾ ਹਵਾਲਾ ਦੇ ਕੇ ਰੋਕ ਦਿੱਤਾ। ਇਸ ਦੌਰਾਨ ਸੁਰੱਖਿਆ ਅਧਿਕਾਰੀ ਤੇ ਚੰਡੀਗੜ੍ਹ ਪੁਲਿਸ ਅਧਿਕਾਰੀਆਂ ਵਿਚਾਲੇ ਖੜਕ ਗਈ। ਅਧਿਕਾਰੀਆਂ ਨੇ ਪਾਇਲਟ ਵਾਹਨ ਦੇ ਡਰਾਈਵਰ ਨੂੰ ਜ਼ਬਰਦਸਤੀ ਹਟਾਉਣ ਦੀ ਕੋਸ਼ਿਸ਼ ਕੀਤੀ। ਬਿੱਟੂ ਦੇ ਕਾਰ ਤੋਂ ਹੇਠਾਂ ਉਤਰਨ ਤੋਂ ਬਾਅਦ ਵੀ ਪੁਲਿਸ ਅਧਿਕਾਰੀ ਸੁਰੱਖਿਆ ਮੁਲਾਜ਼ਮ ਨਾਲ ਬਹਿਸ ਕਰਦੇ ਰਹੇ। ਬਿੱਟੂ ਨੇ ਕਿਹਾ ਕਿ ਮੈਂ ਇੱਥੇ ਇਕੱਲਾ ਹੀ ਆਇਆ ਹਾਂ। ਉਨ੍ਹਾਂ ਨੇ ਗਾਲਾਂ ਕੱਢੀਆਂ। ਜੇ ਮੈਨੂੰ ਹਿਰਾਸਤ ਵਿੱਚ ਲੈਣਾ ਚਾਹੁੰਦੇ ਹੋ ਤਾਂ ਲੈ ਲਵੋ। ਮੈਂ ਗ੍ਰਹਿ ਵਿਭਾਗ ਨੂੰ ਸ਼ਿਕਾਇਤ ਕਰਾਂਗਾ। ਇਸ ਪੂਰੀ ਘਟਨਾ ਦਾ ਵੀਡੀਓ ਵੀ ਸਾਹਮਣੇ ਆਇਆ ਹੈ ਜਿਸ ਵਿੱਚ ਅਫ਼ਸਰ ਕਹਿ ਰਿਹਾ ਹੈ ਕਿ ਤੁਸੀਂ ਰਸਤਾ ਰੋਕਿਆ ਹੈ। ਇਸ ਤੋਂ ਬਾਅਦ ਅਧਿਕਾਰੀਆਂ ਤੇ ਡਰਾਈਵਰ ਵਿਚਕਾਰ ਝੜਪ ਹੋ ਗਈ। ਪਾਇਲਟ ਗੱਡੀ ਦਾ ਡਰਾਈਵਰ ਪੁਲਿਸ ਅਧਿਕਾਰੀਆਂ ਨੂੰ ਦੱਸਦਾ ਹੈ ਕਿ ਗ੍ਰਹਿ ਮੰਤਰਾਲੇ ਨੇ ਉਨ੍ਹਾਂ ਨੂੰ (ਬਿੱਟੂ) ਸੁਰੱਖਿਆ ਪ੍ਰਦਾਨ ਕੀਤੀ ਹੈ। ਅਸੀਂ ਉਨ੍ਹਾਂ ਨੂੰ ਇਕੱਲਾ ਕਿਵੇਂ ਛੱਡ ਸਕਦੇ ਹਾਂ ? ਜੇਕਰ ਉਨ੍ਹਾਂ ਨੂੰ ਕੁਝ ਹੋ ਜਾਂਦਾ ਹੈ, ਤਾਂ ਕੌਣ ਜ਼ਿੰਮੇਵਾਰ ਹੋਵੇਗਾ ? ਸਾਨੂੰ ਗ੍ਰਹਿ ਮੰਤਰਾਲੇ ਨੇ ਭੇਜਿਆ ਹੈ। ਸੁਰੱਖਿਆ ਮੁਲਾਜ਼ਮ ਨੇ ਕਿਹਾ ਕਿ ਅਸੀਂ ਆਪਣਾ ਫਰਜ਼ ਨਿਭਾਅ ਰਹੇ ਹਾਂ। ਸਾਡੀ ਆਲ ਇੰਡੀਆ ਡਿਊਟੀ ਹੈ। ਇਸ 'ਤੇ ਅਧਿਕਾਰੀ ਕਹਿੰਦਾ ਹੈ ਕਿ ਤੁਸੀਂ ਆਪਣੀ ਡਿਊਟੀ ਕਰੋ ਤੇ ਸਾਨੂੰ ਆਪਣੀ ਡਿਊਟੀ ਕਰਨ ਦਿਓ। ਤੁਸੀਂ ਇਸ ਤਰ੍ਹਾਂ ਰਸਤਾ ਨਹੀਂ ਰੋਕ ਸਕਦੇ। ਚੰਡੀਗੜ੍ਹ ਪੁਲਿਸ ਦੇ ਡੀਐਸਪੀ ਉਦੈਪਾਲ ਨੇ ਦੱਸਿਆ ਕਿ ਕੇਂਦਰੀ ਮੰਤਰੀ ਰਵਨੀਤ ਬਿੱਟੂ ਪੰਜਾਬ ਦੇ ਮੁੱਖ ਮੰਤਰੀ ਦੀ ਰਿਹਾਇਸ਼ ਜਾ ਰਹੇ ਸਨ। ਜਦੋਂ ਉਨ੍ਹਾਂ ਕੋਲ ਮਿਲਣ ਦੀ ਇਜਾਜ਼ਤ ਬਾਰੇ ਪੁੱਛਿਆ ਗਿਆ ਤਾਂ ਪਤਾ ਲੱਗਾ ਕਿ ਉਨ੍ਹਾਂ ਕੋਲ ਇਜਾਜ਼ਤ ਨਹੀਂ ਸੀ। ਇਸ ਤੋਂ ਬਾਅਦ ਉਨ੍ਹਾਂ ਨੂੰ ਅੱਗੇ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਗਈ।

## ਕੇਜਰੀਵਾਲ ਬਣਨਗੇ ਪੰਜਾਬ ਦੇ ਮੁੱਖ ਮੰਤਰੀ ? ਆਖਰ ਸੀਐਮ ਭਗਵੰਤ ਮਾਨ ਨੇ ਦੱਸੀ ਅਸਲ ਗੱਲ



**ਚੰਡੀਗੜ੍ਹ, 19 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਚੋਣਾਂ ਤੋਂ ਬਾਅਦ ਪੰਜਾਬ ਵਿੱਚ ਲੀਡਰਸ਼ਿਪ ਤਬਦੀਲੀ ਦੀਆਂ ਕਿਆਸਅਰਾਈਆਂ ਵਿਚਕਾਰ ਪਹਿਲੀ ਵਾਰ ਮੁੱਖ ਮੰਤਰੀ ਭਗਵੰਤ ਮਾਨ ਨੇ ਆਪਣੀ ਚੁੱਪੀ ਤੋੜੀ ਹੈ।ਸੀਐਮ ਮਾਨ ਨੇ ਸਪਸ਼ਟ ਕੀਤਾ ਕਿ ਅਰਵਿੰਦ ਕੇਜਰੀਵਾਲ ਕਦੇ ਵੀ ਪੰਜਾਬ ਦੇ ਮੁੱਖ ਮੰਤਰੀ ਨਹੀਂ ਬਣਨਗੇ। ਇਹ ਸਭ ਅਫਵਾਹਾਂ ਫੈਲਾਈਆਂ ਜਾ ਰਹੀਆਂ ਹਨ ਜੋ ਬੇਬੁਨਿਆਦ ਹਨ। ਇਨ੍ਹਾਂ ਗੱਲਾਂ ਵਿੱਚ ਕੋਈ ਸੱਚਾਈ ਨਹੀਂ। ਮੁੱਖ ਮੰਤਰੀ ਨੇ ਮੰਗਲਵਾਰ ਨੂੰ ਸਰਦੂਲਗੜ੍ਹ ਵਿੱਚ ਤਹਿਸੀਲ ਦੇ ਕੰਮਕਾਜ ਦਾ ਨਿਰੀਖਣ ਕਰਦੇ ਹੋਏ ਇਹ ਗੱਲ ਕਹੀ। ਦੱਸ ਦਈਏ ਕਿ ਦਿੱਲੀ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ (ਆਪ) ਦੀ ਹਾਰ ਤੋਂ ਬਾਅਦ ਇਹ ਚਰਚਾ ਜ਼ੋਰਾਂ 'ਤੇ ਹੈ ਕਿ ਪੰਜਾਬ ਦਾ ਮੁੱਖ ਮੰਤਰੀ ਬਦਲਿਆ ਜਾ ਰਿਹਾ ਹੈ। ਇਸ ਬਾਰੇ ਵਿਰੋਧੀ ਪਾਰਟੀ ਦੇ ਸੀਨੀਅਰ ਆਗੂਆਂ ਵੱਲੋਂ ਲਗਾਤਾਰ ਬਿਆਨ ਦਾਗੇ ਜਾ ਰਹੇ ਹਨ। ਇਸ ਦਾ ਜਵਾਬ ਦਿੰਦਿਆਂ ਸੀਐਮ ਮਾਨ ਨੇ ਕਿਹਾ ਕਿ ਉਹ ਪਹਿਲਾਂ ਵੀ ਇਹੀ ਕਹਿੰਦੇ ਆ ਰਹੇ ਹਨ। ਕੇਜਰੀਵਾਲ ਸਾਡੀ ਪਾਰਟੀ ਦੇ ਕਨਵੀਨਰ ਹਨ। ਉਹ ਸਾਡੀ ਰਾਸ਼ਟਰੀ ਪਾਰਟੀ ਦੇ ਨੇਤਾ ਹਨ। ਉਨ੍ਹਾਂ ਨੇ ਦੇਸ਼ ਭਰ ਵਿੱਚ ਪਾਰਟੀ ਚਲਾਉਣੀ ਹੈ। ਉਨ੍ਹਾਂ ਦਾ ਪ੍ਰੋਗਰਾਮ ਕਦੇ ਗੁਜਰਾਤ ਵਿੱਚ ਹੁੰਦਾ ਹੈ ਤੇ ਕਦੇ ਛੱਤੀਸਗੜ੍ਹ ਵਿੱਚ। ਇਸ ਲਈ ਬੇਬੁਨਿਆਦ ਅਫਵਾਹਾਂ ਫੈਲਾਈਆਂ ਜਾ ਰਹੀਆਂ ਹਨ। ਦਰਅਸਲ ਦਿੱਲੀ ਚੋਣਾਂ ਦੇ ਨਤੀਜੇ ਆਉਣ ਤੋਂ ਬਾਅਦ ਪੰਜਾਬ ਕਾਂਗਰਸ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਦਾਅਵਾ ਕੀਤਾ ਸੀ ਕਿ ਆਮ ਆਦਮੀ ਪਾਰਟੀ (ਆਪ) ਦੇ 30 ਵਿਧਾਇਕ ਉਨ੍ਹਾਂ ਦੇ ਸੰਪਰਕ ਵਿੱਚ ਹਨ। ਇਸ ਤੋਂ ਬਾਅਦ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਨੇ ਪੰਜਾਬ ਦੇ 'ਆਪ' ਆਗੂਆਂ ਦੀ ਇੱਕ ਮੀਟਿੰਗ ਬੁਲਾਈ। ਇਸ ਤੋਂ ਬਾਅਦ ਮਾਮਲਾ ਹੋਰ ਗਰਮਾ ਗਿਆ। ਹਾਲਾਂਕਿ, ਆਮ ਆਦਮੀ ਪਾਰਟੀ ਦੇ ਨੇਤਾਵਾਂ ਨੇ ਸ਼ੁਰੂ ਤੋਂ ਹੀ ਇਸ ਨੂੰ ਅਫਵਾਹ ਦੱਸਿਆ ਸੀ। ਸਾਲ 2022 ਵਿੱਚ ਪੰਜਾਬ ਦੀਆਂ ਸਾਰੀਆਂ 117 ਵਿਧਾਨ ਸਭਾ ਸੀਟਾਂ ਲਈ ਚੋਣਾਂ ਹੋਈਆਂ, ਜਿਸ ਵਿੱਚ 'ਆਪ' ਨੇ 92, ਕਾਂਗਰਸ ਨੇ 18, ਭਾਜਪਾ ਨੇ 2, ਸ਼੍ਰੋਮਣੀ ਅਕਾਲੀ ਦਲ ਨੇ 3 ਤੇ ਬਸਪਾ ਨੇ 1 ਸੀਟ ਜਿੱਤੀ। ਪੰਜਾਬ ਵਿੱਚ ਬਹੁਮਤ ਦਾ ਅੰਕੜਾ 59 ਹੈ। ਅਜਿਹੀ ਸਥਿਤੀ ਵਿੱਚ ਜੇਕਰ 30 ਵਿਧਾਇਕ ਪਾਰਟੀ ਛੱਡ ਵੀ ਦਿੰਦੇ ਹਨ ਤਾਂ ਵੀ 'ਆਪ' ਕੋਲ 62 ਵਿਧਾਇਕ ਹੀ ਰਹਿਣਗੇ ਤੇ ਸਰਕਾਰ ਨੂੰ ਕੋਈ ਖ਼ਤਰਾ ਨਹੀਂ। ਦੱਸ਼ ਦਈਏ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਨੂੰ ਚੀਮਾ ਵਿਖੇ ਨਵੇਂ ਬਣੇ ਸਬ-ਤਹਿਸੀਲ ਕੰਪਲੈਕਸ ਤੇ ਹਸਪਤਾਲ ਤੇ ਸਰਦੂਲਗੜ੍ਹ ਦੇ ਤਹਿਸੀਲ ਕੰਪਲੈਕਸ ਦਾ ਅਚਨਚੇਤੀ ਦੌਰਾ ਕੀਤਾ ਤਾਂ ਜੋ ਜ਼ਮੀਨੀ ਪੱਧਰ 'ਤੇ ਦਿੱਤੀਆਂ ਜਾ ਰਹੀਆਂ ਨਾਗਰਿਕ-ਕੇਂਦ੍ਰਿਤ ਸੇਵਾਵਾਂ ਦਾ ਮੌਕੇ ਉਤੇ ਜਾ ਕੇ ਜਾਇਜ਼ਾ ਲਿਆ ਜਾ ਸਕੇ। ਮੁੱਖ ਮੰਤਰੀ ਚੀਮਾ ਦੇ ਸਬ-ਤਹਿਸੀਲ ਕੰਪਲੈਕਸ ਪਹੁੰਚੇ ਤੇ ਹਾਜ਼ਰ ਲੋਕਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੇ ਪ੍ਰਭਾਵੀ ਕੰਮਕਾਜ ਲਈ ਲੋਕਾਂ ਦੀ ਫੀਡਬੈਕ ਬਹੁਤ ਮਹੱਤਵ ਰੱਖਦੀ ਹੈ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਲੋਕਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਕੰਪਲੈਕਸ ਦਾ ਦੌਰਾ ਕੀਤਾ ਹੈ ਕਿ ਕੀ ਉਨ੍ਹਾਂ ਦੇ ਕੰਮ ਸੁਚਾਰੂ ਢੰਗ ਨਾਲ ਬਿਨਾਂ ਕਿਸੇ ਪ੍ਰੇਸ਼ਾਨੀ ਤੋਂ ਹੋ ਰਹੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਇਸ ਦੌਰੇ ਦਾ ਉਦੇਸ਼ ਅਧਿਕਾਰੀਆਂ ਵਿੱਚ ਕੋਈ ਨੁਕਸ ਕੱਢਣਾ ਨਹੀਂ ਹੈ ਸਗੋਂ ਸਰਕਾਰੀ ਦਫ਼ਤਰਾਂ ਵਿੱਚ ਕੰਮ ਨੂੰ ਹੋਰ ਸੁਚਾਰੂ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਨੇ ਇਹ ਪਹਿਲੀ ਵਾਰ ਦੇਖਿਆ ਹੈ ਕਿ ਕੋਈ ਮੁੱਖ ਮੰਤਰੀ ਸਰਕਾਰੀ ਦਫ਼ਤਰਾਂ ਦਾ ਖੁਦ ਦੌਰਾ ਕਰ ਰਿਹਾ ਹੈ। ਭਗਵੰਤ ਮਾਨ ਨੇ ਕਿਹਾ ਕਿ ਇਸ ਦਾ ਉਦੇਸ਼ ਸਿਰਫ਼ ਸੂਬੇ ਦੇ ਲੋਕਾਂ ਨੂੰ ਹਰ ਤਰ੍ਹਾਂ ਨਾਲ ਨਾਗਰਿਕ ਕੇਂਦਰਿਤ ਸੇਵਾਵਾਂ ਪ੍ਰਦਾਨ ਕਰਕੇ ਉਨ੍ਹਾਂ ਦੀ ਭਲਾਈ ਨੂੰ ਯਕੀਨੀ ਬਣਾਉਣਾ ਹੈ।

## ਓਮਾਨ 'ਚ ਵੇਚੀ ਪੰਜਾਬ ਦੀ ਧੀ, 2 ਸਾਲ ਬਾਅਦ ਪਰਤੀ ਘਰ, ਰੌਂਗਟੇ ਖੜ੍ਹੇ ਕਰ ਦੇਣ ਵਾਲੀ ਸੁਣਾਈ ਹੱਡ ਬੀਤੀ



**ਚੰਡੀਗੜ੍ਹ, 19 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਇਕ ਪਾਸੇ ਲਗਾਤਾਰ ਪੰਜਾਬੀ ਨੌਜਵਾਨ ਪਰਵਾਸ ਦਾ ਰੁੱਖ ਕਰ ਰਹੇ ਹਨ ਅਤੇ ਦੂਜੇ ਪਾਸੇ ਇਹੀ ਪ੍ਰਵਾਸ ਕਈ ਨੌਜਵਾਨਾਂ ਦੀਆਂ ਜ਼ਿੰਦਗੀਆਂ ਨੂੰ ਉਜਾੜਨ ਦੇ ਰਾਹ ਵੱਲ ਤੁਰਿਆ ਹੋਇਆ ਹੈ। ਪਿਛਲੇ ਕਈ ਦਿਨਾਂ ਤੋਂ ਅਮਰੀਕੀ ਸਰਕਾਰ ਵੱਲੋਂ ਆਪਣੇ ਫੌਜੀ ਜਹਾਜ਼ਾਂ 'ਚ ਜੰਜ਼ੀਰਾਂ ਨਾਲ ਬੰਨ੍ਹ ਕੇ ਪੰਜਾਬੀਆਂ ਨੂੰ ਡਿਪੋਰਟ ਕਰਕੇ ਵਾਪਸ ਆਪਣੇ ਦੇਸ਼ ਭੇਜਿਆ ਜਾ ਰਿਹਾ ਹੈ। ਦੂਜੇ ਪਾਸੇ ਅਰਬ ਦੇਸ਼ਾਂ ਵਿੱਚ ਲਗਾਤਾਰ ਦੇਸ਼ ਦੀਆਂ ਧੀਆਂ 'ਤੇ ਤਸ਼ੱਦਦ ਦੇ ਮਾਮਲੇ ਰੁੱਕਣ ਦਾ ਨਾਮ ਨਹੀਂ ਲੈ ਰਹੇ ਹਨ। ਅਰਬ ਨਾਲ ਸੰਬੰਧਤ ਹੀ ਇਕ ਮਾਮਲਾ ਸਾਹਮਣੇ ਜਿਸ ਵਿਚ ਜਲੰਧਰ ਜ਼ਿਲ੍ਹੇ ਨਾਲ ਸੰਬੰਧ ਰੱਖਣ ਵਾਲੀ ਇਕ ਪੀੜਤਾ ਓਮਾਨ ਵਿਚ 2 ਸਾਲ ਦੀ ਨਰਕ ਭਰੀ ਜ਼ਿੰਦਗੀ ਬਤੀਤ ਕਰਕੇ ਵਾਤਾਵਰਣ ਪ੍ਰੇਮੀ ਅਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਯਤਨਾਂ ਸਦਕਾ ਵਾਪਸ ਪਹੁੰਚੀ। ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਵਿਖੇ ਸੰਤ ਸੀਚੇਵਾਲ ਦਾ ਧੰਨਵਾਦ ਕਰਨ ਪਹੁੰਚੀ ਇਸ ਪੀੜਤਾ ਨੇ ਦੱਸਿਆ ਕਿ ਇਹ ਉਸਦਾ ਦੂਸਰਾ ਜਨਮ ਹੈ।ਪੀੜਤਾ ਨੇ ਦੱਸਿਆ ਕਿ ਉਹ ਦੋ ਸਾਲ ਪਹਿਲਾਂ ਮਸਕਟ (ਓਮਾਨ) ਵਿਚ ਚੰਗੇ ਭਵਿੱਖ ਦੀ ਭਾਲ ਦੇ ਲਈ ਗਈ ਸੀ। ਪਰ ਉੱਥੇ ਜਾ ਕੇ ਜਦੋਂ ਲੜਕੀ ਦੇ ਵੀਜ਼ੇ ਦੀ ਮਿਆਦ ਖ਼ਤਮ ਹੋ ਗਈ ਤਾਂ ਉਸ ਨੂੰ ਪਤਾ ਲੱਗਾ ਕਿ ਉਸ ਨੂੰ ਉੱਥੇ ਕੰਮ ਕਰਨ ਲਈ ਨਹੀਂ ਭੇਜਿਆ ਗਿਆ, ਸਗੋਂ ਉਸ ਨੂੰ ਵੇਚ ਦਿੱਤਾ ਗਿਆ। ਉਸ ਨੇ ਦੱਸਿਆ ਕਿ ਜਿਸ ਜਗ੍ਹਾ ਉਸ ਨੂੰ ਵੇਚਿਆ ਗਿਆ, ਉੱਥੇ ਉਸ ਦੇ ਨਾਲ ਸਰੀਰਕ ਅਤੇ ਮਾਨਸਿਕ ਤੌਰ 'ਤੇ ਬਹੁਤ ਜ਼ਿਆਦਾ ਤਸ਼ੱਦਦ ਕੀਤਾ ਗਿਆ। ਉਸ ਨੂੰ ਮਾਰਿਆ ਕੁੱਟਿਆ ਜਾਂਦਾ ਅਤੇ ਉਸ ਦੇ ਨਾਲ ਧੱਕੇਸ਼ਾਹੀ ਵੀ ਕੀਤੀ ਜਾਂਦੀ ਸੀ। ਉਸ ਨੇ ਦੱਸਿਆ ਕਿ ਉੱਥੇ ਨਾਲ 50 ਤੋਂ ਵਧੇਰੇ ਹੋਰ ਵੀ ਲੜਕੀਆਂ ਫਸੀਆਂ ਹੋਈਆਂ ਹਨ, ਜੋ ਇਸੇ ਹੀ ਤਸ਼ੱਦਦ ਦਾ ਸ਼ਿਕਾਰ ਹੋ ਰਹੀਆਂ ਸਨ। ਉਸ ਨੇ ਕਿਹਾ ਕਿ ਸੰਤ ਸੀਚੇਵਾਲ ਜੀ ਦੇ ਯਤਨਾ ਸਦਕਾ ਨਾ ਸਿਰਫ ਉਸਦੀ ਬਲਕਿ ਉਥੇ ਉਸ ਦੇ ਨਾਲ ਫਸੀਆਂ ਕਿੰਨੀਆਂ ਹੀ ਲੜਕੀਆਂ ਦੀਆਂ ਘਰ ਵਾਪਸੀ ਹੋ ਸਕੀ ਹੈ, ਜੋ ਲੜਕੀਆਂ ਜਿਊਣ ਦੀ ਵੀ ਆਸ ਛੱਡ ਚੁੱਕੀਆਂ ਸਨ। ਪੀੜਤ ਲੜਕੀ ਨੇ ਦੱਸਿਆ ਕਿ ਉਸ ਉਪਰ ਚੋਰੀ ਦਾ ਇਲਜ਼ਾਮ ਅਤੇ ਜ਼ੁਰਮਾਨਾ ਹੋਣ ਕਾਰਨ ਉਸ ਨੂੰ ਵਾਪਸੀ ਲਈ ਲੰਬਾ ਸਮਾਂ ਇੰਤਜ਼ਾਰ ਕਰਨ ਪਿਆ। ਜਿਸ ਦਰਮਿਆਨ ਉੱਥੇ ਉਸ ਨੇ ਪਿਛਲੇ 11 ਮਹੀਨਿਆਂ ਤੋਂ 50 ਤੋਂ ਵੱਧ ਲੜਕੀਆਂ ਦੀ ਹੱਡ ਬੀਤੀ ਸੁਣੀ ਹੈ, ਜੋ ਦਿਲ ਜਿੰਜੋਰੜਨ ਵਾਲੇ ਹਨ।

# AWAZE QAUM TOUR & TRAVEL UK & SINGH TRAVEL CANADA JATHA

# YATRA NANKANA SAHIB

15 ਸਾਲ ਤੋਂ ਸੰਗਤਾਂ ਦੀ ਸੇਵਾ ਕਰ ਰਹੇ ਹਾਂ - YATRA SEWA SINCE 2010


WE WILL ALSO BE VISITING 25+ GURDWARA'S AND HISTORICAL PLACES

## 20 FEBRUARY TO 27 FEBRUARY, 2025

UK, EUROPE, ITALY, CANADA, USA SANGAT CAN JOIN OUR JATHA WITH FAMILIES & FRIENDS









### YATRA INCLUDES:

- GURDWARA NANKANA SAHIB
- GURDWARA PATTI SAHIB
- GURDWARA TAMBU SAHIB
- GURDWARA KIARA SAHIB
- GURDWARA MALJI SAHIB
- GURDWARA BAL LILA SAHIB
- GURDWARA SACHA SAUDA
- GURDWARA RORI SAHIB
- GURDWARA PANJA SAHIB
- GURDWARA BEBE DI BER SIALKOT
- GURDWARA DERA SAHIB
- JANAM ASTHAN BEBE NANKI JI
- BHAI LALU JI DA GHAR
- JANAM ASTHAN GURU RAMDAS JI
- GURDWARA SHRI KARTARPUR SAHIB
- GURDWARA SHAHEED GANJ LAHORE
- MATA SAHIB KAUR JI JANAM ASTHAN
- DARBAR SAI MIAN MIR JI
- SHAHI QILA (SIKH FORT)
- SHOPPING AT ANARKALI BAZAR

### YATRA PACKAGE INCLUDES:

PAKISTAN VISA + HOTEL (TWIN SHARED) + LUXURY TRANSPORT + VEG FOOD + MINERAL WATER + TRIP YATRA PHOTO & VIDEOS + WiFi & MUCH MORE

Yatra Booking, Please contact:

**RAGHBIR SINGH**

**Tel: +44 7976 210161**


**CANADA. +1 647-231-1600 - USA. +1 716-342-6007**

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death

Sant Jarnail Singh Ji Khalsa Bhindranwale
www.damdamitaksal.net

---


ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net


---


## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਧੰਨ ਧੰਨ ਮਾਤਾ ਗੁਜ਼ਰ ਕੌਰ ਜੀ ਦੀ 400 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ

# ਸਲਾਨਾ ਗੁਰਮਤਿ ਸਮਾਗਮ

## 21 ਲੋੜਵੰਦ ਪ੍ਰੀਵਾਰਾਂ ਦੀਆਂ ਲੜਕੀਆਂ ਦੇ ਵਿਆਹ

ਸਥਾਨ - ਗੁਰਦੁਆਰਾ ਸ੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਨੇੜੇ ਕਾਲਾਂਵਾਲੀ ਮੰਡੀ, ਜ਼ਿਲ੍ਹਾ ਸਿਰਸਾ (ਹਰਿਆਣਾ) ਵਿਖੇ

**ਮਹਾਨ ਨਗਰ ਕੀਰਤਨ**
ਮਿਤੀ 22 ਫਰਵਰੀ 2025
ਸਵੇਰੇ 10 ਤੋਂ ਸ਼ਾਮ 5 ਵਜੇ ਤੱਕ

**ਅਨੰਦ ਕਾਰਜ ਅਤੇ ਗੁਰਮਤਿ ਸਮਾਗਮ**
ਮਿਤੀ 23 ਫਰਵਰੀ 2025
ਸਵੇਰੇ 10 ਤੋਂ ਦੁਪਹਿਰ 3 ਵਜੇ ਤੱਕ



LIVE ON
Akaal
CHARDIKLA TIME TV
Ms Singh Production
ਆਵਾਜ਼ਿ ਕੌਮ AWAZE QAUM TV
YouTube
Jathedar Baljit Singh Khalsa Daduwal

ਪ੍ਰਸਿੱਧ ਸਮਾਜਸੇਵੀ ਹਰਵਿੰਦਰ ਸਿੰਘ ਹੈਰੀ ਘੁਮਾਣ USA, ਸ੍ਰੀ ਗੌਰਵ ਧੀਮਾਨ ਰਾਜਪੁਰਾ, ਅਟਾਰਨੀ ਸ਼ੁਬੇਗ ਸਿੰਘ ਮੁਲਤਾਨੀ USA, ਸ. ਸੁਖਦੀਪ ਸਿੰਘ ਓਬਰਾਏ ਚੰਡੀਗੜ, ਜਥੇਦਾਰ ਚਰਨ ਸਿੰਘ ਪ੍ਰੇਮਪੁਰਾ USA, ਪਦਮ ਸ੍ਰੀ ਜਗਜੀਤ ਸਿੰਘ ਦਰਦੀ ਚੜ੍ਹਦੀਕਲਾ ਗਰੁੱਪ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ ।

ਹਰ ਸਾਲ ਦੀ ਤਰਾਂ ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਲੋੜੀਂਦਾ ਸਾਜੋ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ

ਨੋਟ: ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਸੰਪਰਕ ਨੰ: 93560-60960, 93560-60953

ਬੇਨਤੀ ਕਰਤਾ -
**ਜਥੇਦਾਰ ਬਲਜੀਤ ਸਿੰਘ ਦਾਦੂਵਾਲ**
ਚੇਅਰਮੈਨ ਸੁੱਖ ਸੇਵਾ ਸਿਮਰਨ ਟਰਸੱਟ
ਚੇਅਰਮੈਨ,ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ ਅਤੇ ਸਮੂੰਹ ਸਾਧ ਸੰਗਤ


ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ
ਵਾਲਿਆਂ ਦੇ ਜਨਮ ਅਸਥਾਨ ਗੁ: ਸੰਤ ਖਾਲਸਾ ਪਿੰਡ ਰੋਡੇ ਵਿਖੇ
ਸਲਾਨਾ ਮਹਾਨ
ਗੁਰਮਤਿ ਸਮਾਗਮ
ਮਿਤੀ 16 ਫਰਵਰੀ ਤੋਂ 22 ਫਰਵਰੀ 2025 ਤੱਕ-ਸਮਾਂ ਸ਼ਾਮ 4 ਵਜੇ ਤੋਂ ਸ਼ਾਮ 6 ਵਜੇ ਤੱਕ
ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਸਿੰਘ ਸਾਹਿਬਾਨ ਅਤੇ ਮਹਾਂਪੁਰਸ਼
16, 17 ਫਰਵਰੀ
19 ਫਰਵਰੀ
20 ਫਰਵਰੀ
21 ਫਰਵਰੀ
22 ਫਰਵਰੀ
22 ਫਰਵਰੀ
ਨਗਰ ਕੀਰਤਨ
18 ਫਰਵਰੀ 2025 ਦਿਨ ਮੰਗਲਵਾਰ
ਕਵੀਸ਼ਰੀ ਜੱਥਾ ਜਗਜੀਵਨ ਸਿੰਘ ਰੋਡਿਆਂ ਵਾਲੇ
ਇੱਥੇ ਵਿੱਦਿਆਰਥੀਆਂ ਨੂੰ ਗੁਰਬਾਣੀ ਦੀ ਸੰਥਿਆ ਅਤੇ ਕਥਾ, ਕੀਰਤਨ ਦੀ ਸਿਖਲਾਈ ਵੀ ਦਿੱਤੀ ਜਾਂਦੀ ਹੈ।
ਵਿਸ਼ੇਸ਼ ਨੋਟ: ਹਰ ਸੰਗਰਾਂਦ ਵਾਲੇ ਦਿਨ ਅੰਮ੍ਰਿਤ ਸੰਚਾਰ ਹੁੰਦਾ ਹੈ ਜੀ (ਸਮਾਂ ਸਵੇਰੇ 10:00 ਵਜੇ)
ਬੇਨਤੀ ਕਰਤਾ:- ਸਮੂਹ ਨਗਰ ਨਿਵਾਸੀ, ਨਗਰ ਪੰਚਾਇਤਾਂ ਅਤੇ NRI ਵੀਰ
M. 99157-09468, 97815-52538, 98140-29018


ਨਾਨਕ ਨਾਮ ਚੜ੍ਹਦੀਕਲਾ, ਤੇਰੇ ਭਾਣੇ ਸਰਬੱਤ ਦਾ ਭਲਾ
ਲੋੜਵੰਦ ਪਰਿਵਾਰਾਂ ਦੀਆਂ
72 ਬੱਚੀਆਂ ਦੇ ਸਮੂਹਿਕ ਆਨੰਦ ਕਾਰਜ
51 ਬੱਚੀਆਂ ਦੇ ਅਨੰਦ ਕਾਰਜ
ਮਿਤੀ 12 ਫਰਵਰੀ 2025
ਸਥਾਨ:-
ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ
21 ਬੱਚੀਆਂ ਦੇ ਅਨੰਦ ਕਾਰਜ
ਮਿਤੀ 23 ਫਰਵਰੀ 2025
ਸਥਾਨ:-
ਗੁਰਦੁਆਰਾ ਗੁਰੂ ਗੁੰਬਸਰ ਦਾਦੂ ਸਾਹਿਬ ਸਿਰਸਾ
ਹਰ ਸਾਲ ਦੀ ਤਰਾਂ ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਲੋੜੀਂਦਾ
ਸਾਜੋ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਬੱਚੀਆਂ ਦੇ ਨਾਮ ਦਰਜ ਕਰਾਉਣ ਲਈ ਹੇਠ ਲਿਖੇ
ਨੰਬਰਾਂ ਤੇ ਸੰਪਰਕ ਕੀਤਾ ਜਾਵੇ ਜੀ
93560-60960, 81468-06395, 80540-55473
ਬੇਨਤੀ ਕਰਤਾ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਸੁੱਖ ਸੇਵਾ ਸਿਮਰਨ ਟਰੱਸਟ
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ ਅਤੇ ਸਮੂੰਹ ਸਾਧ ਸੰਗਤ

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

**Important Note:** The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

ਅੱਜ 20 ਫਰਵਰੀ ਜਨਮ ਦਿਨ 'ਤੇ ਵਿਸ਼ੇਸ਼

# ਪੰਥ ਦਾ ਨਿਸ਼ਕਾਮ ਸੇਵਕ - ਸ. ਤੇਜਾ ਸਿੰਘ ਸਮੁੰਦਰੀ





-ਭਗਵਾਨ ਸਿੰਘ ਜੌਹਲ
bhagwansinghjohal@gmail.com

**ਕੌਮੀ ਫਰਜ਼ਾਂ** ਨੂੰ ਤਾਅ ਜੀਵਨ ਸਿਦਕ ਦਿਲੀ ਨਾਲ ਨਿਭਾਉਣ ਵਾਲੇ ਸਿੱਖ ਆਗੂਆਂ ਵਿੱਚੋਂ ਪ੍ਰਮੁੱਖ ਆਗੂ ਸਨ, ਸ।ਤੇਜਾ ਸਿੰਘ ਸਮੁੰਦਰੀ ।ਜਦੋਂ ਗੁਰਦੁਆਰਾ ਸੁਧਾਰ ਲਹਿਰ ਦੇ ਸਿਦਕੀ ਸਿੱਖ ਆਗੂਆਂ ਦਾ ਜ਼ਿਕਰ ਚੱਲਦਾ ਹੈ, ਤਾਂ ਉਸ ਸਮੇਂ ਨਿਸ਼ਕਾਮ ਸੇਵਕ ਵਜੋਂ ਜਿਹੜਾ ਦਰਦ ਸਿੱਖ ਸਿਧਾਂਤਾਂ ਪ੍ਰਤੀ ਸ. ਸਮੁੰਦਰੀ ਦੇ ਹਿਰਦੇ ਵਿੱਚ ਸੀ, ਉਸ ਨੂੰ ਸਮੁੱਚੀ ਕੌਮ ਕਦੇ ਵੀ ਨਹੀਂ ਭੁੱਲ ਸਕਦੀ ।ਉਨ੍ਹਾਂ ਦੇ ਸੁਭਾਅ ਦੀ ਦ੍ਰਿੜਤਾ, ਸਾਦਗੀ ਅਤੇ ਸਿਦਕ ਦਿਲੀ ਦੀ ਕਦਰ ਗੁਰਦੁਆਰਾ ਸੁਧਾਰ ਲਹਿਰ ਵਿੱਚ ਸ਼ਾਮਿਲ ਹਰ ਉਹ ਗੁਰਸਿੱਖ ਕਰਦਾ ਸੀ, ਜਿਸ ਨੇ ਵੀ ਇਸ ਲਹਿਰ ਵਿੱਚ ਸ਼ਮੂਲੀਅਤ ਕੀਤੀ । ਸ. ਤੇਜਾ ਸਿੰਘ ਦਾ ਜਨਮ ਪਿਤਾ ਰਸਾਲਦਾਰ ਮੇਜਰ ਸ. ਦੇਵਾ ਸਿੰਘ ਅਤੇ ਮਾਤਾ ਨੰਦ ਕੌਰ ਦੇ ਗ੍ਰਹਿ ਵਿਖੇ ਉਸ ਸਮੇਂ ਦੇ ਜ਼ਿਲ੍ਹਾ ਅੰਮ੍ਰਿਤਸਰ ਦੀ ਤਹਿਸੀਲ ਤਰਨਤਾਰਨ ਦੇ ਪਿੰਡ ਰਾਇ ਦਾ ਬੁਰਜ ਵਿਖੇ 20 ਫਰਵਰੀ, 1882 ਈ: ਨੂੰ ਹੋਇਆ। ਸ. ਤੇਜਾ ਸਿੰਘ ਦੀ ਬਚਪਨ ਵਿੱਚ ਸਿੱਖ ਧਰਮ ਪ੍ਰਤੀ ਸ਼ਰਧਾ ਤੇ ਪਿਆਰ ਦੀ ਚਰਚਾ ਪਰਿਵਾਰ ਵਿੱਚ ਹੁੰਦੀ ਰਹਿੰਦੀ ਸੀ ।ਸਮਾਜਿਕ ਕਾਰਜਾਂ ਵਿੱਚ ਮੂਹਰੀ ਬਣ ਕੇ ਵਿਚਰਨਾ ਵੀ ਸੁਭਾਅ ਦਾ ਵੱਡਾ ਗੁਣ ਸੀ ।ਜਵਾਨੀ ਦੇ ਦਿਨਾਂ ਵਿੱਚ ਹੀ ਚੀਫ਼ ਖ਼ਾਲਸਾ ਦੀਵਾਨ ਦੇ ਮੈਂਬਰ ਵਜੋਂ ਧਾਰਮਿਕ ਖੇਤਰ ਵਿੱਚ ਵਿਚਰਨਾ ਸ਼ੁਰੂ ਕੀਤਾ ।ਦੀਵਾਨ ਦੇ ਆਗੂਆਂ ਨੂੰ ਕੌਮ ਵਿੱਚ ਅਨਪੜ੍ਹਤਾ ਅਤੇ ਗਰੀਬੀ ਤੋਂ ਛੁਟਕਾਰਾ ਦਿਵਾਉਣ ਦੀ ਵਿਚਾਰਧਾਰਾ ਨੇ ਉਨ੍ਹਾਂ ਨੂੰ ਧੁਰ ਹਿਰਦੇ ਤੋਂ ਪ੍ਰਭਾਵਿਤ ਕੀਤਾ । ਆਪਣੇ ਸ਼ਹਿਰ ਸਮੁੰਦਰੀ ਵਿਖੇ ਸਭ ਤੋਂ ਪਹਿਲਾਂ ਖ਼ਾਲਸਾ ਦੀਵਾਨ ਕਾਇਮ ਕੀਤਾ ।ਕੌਮ ਨੂੰ ਜਹਾਲਤ ਵਿੱਚੋਂ ਕੱਢਣ ਲਈ ਵੱਡੀ ਸੋਚ ਦੇ ਧਾਰਨੀ ਹੋਣ ਕਰਕੇ ਹਰ ਕੋਈ ਇਨ੍ਹਾਂ ਦੇ ਵਿਚਾਰਾਂ ਪ੍ਰਤੀ ਹੁੰਗਾਰਾ ਭਰਦਾ ਸੀ । ਇਸੇ ਸਫ਼ਲ ਹੁੰਗਾਰੇ ਕਰਕੇ ਇਨ੍ਹਾਂ ਹੋਰ ਅਨੇਕਾਂ ਛੋਟੀਆਂ ਛੋਟੀਆਂ ਸਿੱਖ ਸੰਸਥਾਵਾਂ ਨੂੰ ਇਕੱਠਾ ਕਰਕੇ ਖ਼ਾਲਸਾ ਦੀਵਾਨ ਬਾਰ ਦੀ ਸਥਾਪਨਾ ਕੀਤੀ ।

ਸਿੱਖਿਆ ਦੇ ਖੇਤਰ ਵਿੱਚ ਅਗਵਾਈ ਕਰਦਿਆਂ ਆਪਣੇ ਪਿੰਡ ਵਿੱਚ ਖ਼ਾਲਸਾ ਹਾਈ ਸਕੂਲ ਖੁੱਲ੍ਹਵਾਇਆ ।ਸਰਹਾਲੀ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਹਾਈ ਸਕੂਲ ਦੀ ਸਥਾਪਨਾ ਕੀਤੀ ।ਲੋਕਾਂ ਵਿੱਚ ਸਿੱਖਿਆ ਪ੍ਰਤੀ ਜਾਗ੍ਰਿਤੀ ਪੈਦਾ ਕਰਨੀ ਵੱਡਾ ਉੱਦਮ ਸੀ । ਇਨ੍ਹਾਂ ਦਿਨਾਂ ਵਿੱਚ ਹੀ ਸ੍ਰੀ ਨਨਕਾਣਾ ਸਾਹਿਬ ਦੇ ਖ਼ੂਨੀ ਸਾਕੇ ਤੋਂ ਬਾਅਦ ਜਦੋਂ ਸ੍ਰੀ ਗੁਰੂ ਨਾਨਕ ਸਾਹਿਬ ਜੀ ਆਗਮਨ ਅਸਥਾਨ ਲਈ ਪ੍ਰਬੰਧਕ ਕਮੇਟੀ ਦੀ ਸਥਾਪਨਾ ਕੀਤੀ ਗਈ । ਉਸ ਸਮੇਂ ਪ੍ਰਬੰਧਕੀ ਕੰਮਾਂ ਪ੍ਰਤੀ ਯੋਗਤਾ ਨੂੰ ਵੇਖਦਿਆਂ ਸ. ਸਮੁੰਦਰੀ ਨੂੰ ਬਤੌਰ ਮੈਂਬਰ ਸ਼ਾਮਿਲ ਕੀਤਾ ਗਿਆ ।ਸਿੱਖਾਂ ਵਿੱਚ ਧਰਮ ਦੇ ਪ੍ਰਚਾਰ ਤੇ ਪ੍ਰਸਾਰ ਦੀ ਘਾਟ ਨੂੰ ਵੇਖਦਿਆਂ, ਜਦੋਂ ਅਖ਼ਬਾਰ ਸ਼ੁਰੂ ਕਰਨ ਦੀ ਵਿਚਾਰ ਚੱਲ ਰਹੀ ਸੀ, ਤਾਂ ਸ. ਤੇਜਾ ਸਿੰਘ ਸਮੁੰਦਰੀ ਨੂੰ ਨਵੀਂ ਬਣੀ ਸਿਆਸੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਕਰਕੇ ਅਕਾਲੀ ਪੱਤ੍ਰਕਾ ਦੀ ਪ੍ਰਕਾਸ਼ਨਾਂ ਸ਼ੁਰੂ ਕੀਤੀ ਗਈ। ਸ. ਸਮੁੰਦਰੀ ਨੇ ਇਸ ਅਖ਼ਬਾਰ ਲਈ ਮਾਇਕ ਸਹਾਇਤਾ ਵੀ ਖੁੱਲ੍ਹੇ ਦਿਲ ਨਾਲ ਕੀਤੀ ।

ਹੁਣ ਜਦੋਂ ਸ੍ਰੀ ਰਕਾਬਗੰਜ ਦਿੱਲੀ ਲਈ ਮੋਰਚਾ ਆਰੰਭ ਹੋਇਆ, ਤਾਂ ਸ। ਤੇਜਾ ਸਿੰਘ ਸਮੁੰਦਰੀ ਨੇ ਸੌ ਸਿੰਘਾਂ ਦੇ ਵੱਡੇ ਜਥੇ ਸਮੇਤ ਗ੍ਰਿਫ਼ਤਾਰੀ ਲਈ ਪੇਸ਼ ਕੀਤਾ ।ਸਮੁੱਚੀ ਗੁਰਦੁਆਰਾ ਸੁਧਾਰ ਲਹਿਰ ਵਿੱਚ ਸਰਗਰਮ ਸਿੱਖ ਆਗੂ ਵਜੋਂ ਹਮੇਸ਼ਾਂ ਮੂਹਰੀ ਆਗੂ ਵਜੋਂ ਵਿਚਰੇ ।13 ਅਕਤੂਬਰ, 1923 ਈ: ਜਥੇ ਸਮੇਤ ਗ੍ਰਿਫ਼ਤਾਰੀ ਦਿੱਤੀ ।ਜਦੋਂ 1925 ਵਿੱਚ ਭਾਰਤ ਵਿੱਚ ਹਕੂਮਤ ਕਰ ਰਹੀ ਅੰਗ੍ਰੇਜ਼ ਸਰਕਾਰ ਨੇ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਲਈ ਗੁਰਦੁਆਰਾ ਐਕਟ ਪਾਸ ਕੀਤਾ ।ਇਸ ਐਕਟ ਪ੍ਰਤੀ ਸਾਰੇ ਸੰਘਰਸ਼ਸ਼ੀਲ ਆਗੂ ਇਕ ਜੁੱਟ ਨਹੀਂ ਸਨ, ਇਸ ਦੇ ਵਿਰੋਧ ਵਿੱਚ ਜ਼ੋਰ-ਸ਼ੋਰ ਨਾਲ ਅਵਾਜ਼ ਉਠਾਉਣ ਵਾਲੇ ਸਿੱਖ ਆਗੂਆਂ ਦਾ ਵਿਚਾਰ ਸੀ ਕਿ ਇਸ ਐਕਟ ਦੇ ਬਣਨ ਨਾਲ ਗੁਰਦੁਆਰਾ ਸਾਹਿਬ ਦੇ ਪ੍ਰਬੰਧ ਵਿੱਚ ਹਮੇਸ਼ਾਂ ਹਕੂਮਤਾਂ ਦੀ ਦਖਲ-ਅੰਦਾਜ਼ੀ ਬਣੀ ਰਹੇਗੀ ।ਸੰਸਾਰ ਦੇ ਦੂਜੇ ਧਰਮਾਂ ਵਿੱਚ ਹਕੂਮਤਾਂ ਕਦੇ ਦਖਲ ਨਹੀਂ ਦਿੰਦੀਆਂ। ਸਿੱਖ ਧਰਮ ਦਾ ਪ੍ਰਬੰਧ ਵੀ ਅਜ਼ਾਦ ਹਸਤੀ ਵਾਲੇ ਪ੍ਰਬੰਧਕਾਂ ਕੋਲ ਹੋਣਾ ਚਾਹੀਦਾ ਹੈ ।ਸ. ਤੇਜਾ ਸਿੰਘ ਸਮੁੰਦਰੀ ਵੀ ਵਿਰੋਧੀ ਧੜੇ ਦੇ ਆਗੂਆਂ ਵਿੱਚ ਸ਼ਾਮਿਲ ਸਨ । ਉਸ ਸਮੇਂ ਸਾਰੇ ਸੰਘਰਸ਼ੀਲ ਆਗੂ ਜੇਲ੍ਹਾਂ ਵਿੱਚ ਬੰਦ ਸਨ, ਵਿਰੋਧ ਕਰਨ ਵਾਲੇ ਆਗੂਆਂ ਨੇ ਜੇਲ੍ਹ ਤੋਂ ਰਿਹਾਅ ਹੋਣ ਤੋਂ ਇਨਕਾਰ ਕਰ ਦਿੱਤਾ, ਜਿਨ੍ਹਾਂ ਵਿੱਚ ਸ. ਸਮੁੰਦਰੀ ਵੀ ਸ਼ਾਮਿਲ ਸਨ ।ਦ੍ਰਿੜ੍ਹ ਇਰਾਦੇ ਦੇ ਮਾਲਕ ਹੋਣ ਕਰਕੇ ਸਿਆਣਪ ਤੇ ਸਿਦਕਦਿਲੀ ਕਰਕੇ ਸ।ਤੇਜਾ ਸਿੰਘ ਦਾ ਸਤਿਕਾਰ ਸਾਰਾ ਸਿੱਖ ਜਗਤ ਕਰਦਾ ਸੀ । ਅੰਗ੍ਰੇਜ਼ ਹਕੂਮਤ ਵੱਲੋਂ ਜੇਲ੍ਹ ਵਿੱਚ ਤੰਗੀਆਂ-ਤੁਰਸ਼ੀਆਂ ਵਾਲਾ ਜੀਵਨ ਬਤੀਤ ਕਰਦਿਆਂ 17 ਜੁਲਾਈ 1926 ਨੂੰ 44 ਕੁ ਸਾਲ ਦੀ ਆਯੂ ਵਿੱਚ ਦਿਲ ਦਾ ਦੌਰਾ ਪਿਆ । ਇਸ ਮਾਰੂ ਹੱਲੇ ਨਾਲ ਇਸ ਫ਼ਾਨੀ ਸੰਸਾਰ ਨੂੰ ਹਮੇਸ਼ਾਂ ਲਈ ਛੱਡ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ । ਸ। ਤੇਜਾ ਸਿੰਘ ਸਮੁੰਦਰੀ ਦੀ ਯਾਦ ਨੂੰ ਹਮੇਸ਼ਾਂ ਲਈ ਬਰਕਰਾਰ ਰੱਖਣ ਲਈ ਸਾਡੇ ਸੂਝਵਾਨ ਪੁਰਖਿਆਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਸਕੱਤਰੇਤ ਲਈ ਬਾਅਦ ਵਿੱਚ ਨਵੀਂ ਬਣੀ ਇਮਾਰਤ ਦਾ ਨਾਂਅ ਤੇਜਾ ਸਿੰਘ ਸਮੁੰਦਰੀ ਹਾਲ ਰੱਖਿਆ । 1969 ਈ: ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ 500 ਸਾਲਾ ਆਗਮਨ ਪੁਰਬ ਸਮੇਂ ਨਵੀਂ ਬਣੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਪਹਿਲੇ ਬਣੇ ਵਾਈਸ ਚਾਂਸਲਰ ਵੀ ਸ. ਤੇਜਾ ਸਿੰਘ ਸਮੁੰਦਰੀ ਦੇ ਸਪੁੱਤਰ ਸ। ਬਿਸ਼ਨ ਸਿੰਘ ਸਮੁੰਦਰੀ ਨੂੰ ਬਣਾਇਆ ਗਿਆ। ਅੱਜ ਇਸ ਸਿਦਕੀ ਸਿੱਖ ਆਗੂ ਦੀ ਯਾਦ ਹੀ ਬਾਕੀ ਹੈ।

ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਨੇ

# ਇੱਕ ਹੋਰ ਐਵਾਰਡ ਆਪਣੀ ਝੋਲੀ ਪਵਾਇਆ



**ਜੰਡਿਆਲਾ ਗੁਰੂ, 19 ਫਰਵਰੀ ( ਕੁਲਵੰਤ ਸਿੰਘ ਵਿਰਦੀ)**-ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵੱਲੋਂ ਆਪਣੀ ਅਣਥੱਕ ਮਿਹਨਤ ਸਦਕਾ ਸੀਈਡੀ ਫਾਊਂਡੇਸ਼ਨ ਨਵੀਂ ਦਿੱਲੀ ਪਾਸੋਂ ਐਵਾਰਡ ਪ੍ਰਾਪਤ ਕੀਤਾ ।ਜਿਸ ਵਿੱਚ ਸੈਂਟ ਸੋਲਜਰ ਇਲੀਟ ਕੋਨਵੈਂਟ ਸਕੂਲ ਜੰਡਿਆਲਾ ਗੁਰੂ ਨੂੰ 5 ਸਟਾਰ ਰੈਂਕਿੰਗ ਅਤੇ 1++ ਗ੍ਰੇਡ ਦੇ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ ।ਇਸ ਸਬੰਧ ਵਿੱਚ ਰੈਡਸਨ ਹੋਟਲ ਨਵੀਂ ਦਿੱਲੀ ਵਿੱਚ ਇੱਕ ਸ਼ਾਨਦਾਰ ਸਮਾਰੋਹ ਹੋਇਆ। ਜਿਸ ਵਿੱਚ ਸੀਈਡੀ ਫਾਊਂਡੇਸ਼ਨ ਦੇ ਪ੍ਰੈਜੀਡੈਂਟ ਡਾਕਟਰ ਸਵਾਤੀ ਪੋਪਟ ਵਟਸ ਅਤੇ ਸੀਈਡੀ ਦੇ ਸੰਸਥਾਪਕ ਮਿਸ ਮਾਨਸੀ ਮਹਾਜਨ ਜੀ ਅਤੇ ਮੈਨੇਜਿੰਗ ਡਾਇਰੈਕਟਰ ਡਾਕਟਰ ਪ੍ਰਭੂ ਚਰਨ ਮਹਾਨਤੀ ਅਤੇ ਡਾਕਟਰ ਸ਼ਿਹਨਾਜ਼ ਅਹਿਮਦ ਚੇਅਰ ਪਰਸਨ ਸਪਰਿੰਗ ਡੇਲ ਹਾਈ ਸਕੂਲ ਉਚੇਚੇ ਤੌਰ ਤੇ ਸ਼ਾਮਿਲ ਹੋਏ । ਇਸ ਸਮਾਰੋਹ ਵਿਚ ਸੈਂਟ ਸੋਲਜਰ ਇਲੀਟ ਕੋਨਵੈਂਟ ਸਕੂਲ ਜੰਡਿਆਲਾ ਗੁਰੂ ਦੀਆਂ ਪ੍ਰਾਪਤੀਆਂ ਅਤੇ ਸਕੂਲ ਦੇ ਬਿਹਤਰ ਰਿਜਲਟਸ ਨੂੰ ਦੇਖਦੇ ਹੋਏ ਇਹ ਅਵਾਰਡ ਸੈਂਟ ਸੋਲਜਰ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਮਰਪ੍ਰੀਤ ਕੌਰ ਜੀ ਨੂੰ ਦਿੱਤਾ ਗਿਆ ।ਇਹ ਅਵਾਰਡ ਮਿਲਣ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਨੇ ਸਾਰੇ ਸਟਾਫ ਨਾਲ ਮਿਲ ਕਰਕੇ ਖੁਸ਼ੀ ਦਾ ਇਜ਼ਹਾਰ ਕੀਤਾ। ਅਤੇ ਇਸ ਅਵਾਰਡ ਦਾ ਸਿਹਰਾ ਮਿਹਨਤੀ ਅਧਿਆਪਕਾਂ ਦੇ ਸਿਰ ਬੰਨਿਆ ।ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ ਜੀ ਕੋਆਰਡੀਨੇਟਰ, ਨੀਲਾਕਸ਼ੀ ਗੁਪਤਾ ਜੀ ਕੋਆਰਡੀਨੇਟਰ, ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

**ਮਿਹਨਤੀ ਅਧਿਆਪਕਾਂ ਦੀ ਬਦੌਲਤ ਸਕੂਲ ਐਵਾਰਡ ਹਾਸਲ ਕਰ ਰਿਹਾ ਡਾ: ਮੰਗਲ ਸਿੰਘ ਕਿਸ਼ਨਪੁਰੀ**

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
ਆਵਾਜ਼ਿ ਕੌਮ AWAZE QAUM International Newspaper & WEB TV

## ਸ਼ੁਭਕਰਨ ਸਿੰਘ ਬੱਲੋ ਦੇ ਸ਼ਹੀਦੀ ਦਿਵਸ ਮੌਕੇ ਭਾਰੀ ਇਕੱਠ ਕਰਨ ਦੀ ਤਿਆਰੀ ਨੂੰ ਲੈਕੇ ਕੀਤੀ ਭਾਕਿਯੂ ਸਿੱਧੂਪੁਰ ਨੇ ਹੰਗਾਮੀ ਮੀਟਿੰਗ



**ਤਲਵੰਡੀ ਸਾਬੋ, 19 ਫਰਵਰੀ ਗੁਰਜੰਟ ਸਿੰਘ ਨਥੇਹਾ)**- ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵੱਲੋਂ ਬਲਾਕ ਤਲਵੰਡੀ ਸਾਬੋ ਦੀ ਐਮਰਜੈਂਸੀ ਮੀਟਿੰਗ ਗੁਰਦੁਆਰਾ ਮਸਤੂਆਣਾ ਸਾਹਿਬ ਵਿਖੇ ਕੀਤੀ ਗਈ ਜਿਸ ਵਿੱਚ ਕਾਕਾ ਸਿੰਘ ਕੋਟੜਾ ਜਰਨਲ ਸਕੱਤਰ ਪੰਜਾਬ ਵਿਸ਼ੇਸ਼ ਤੌਰ 'ਤੇ ਹਾਜਰ ਹੋਏ। ਅੱਜ ਦੀ ਮੀਟਿੰਗ ਵਿੱਚ ਕਿਸਾਨ ਮੋਰਚੇ ਦੇ 21 ਫਰਵਰੀ 2024 ਨੂੰ ਸ਼ਹੀਦ ਹੋਏ ਸ਼ੁਭਕਰਨ ਸਿੰਘ ਬੱਲ੍ਹੋ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਸ਼੍ਰੀ ਆਖੰਡ ਪਾਠ ਸਾਹਿਬ ਦੇ ਭੋਗ ਸਮੇਂ ਸ਼ੁਭਕਰਨ ਸਿੰਘ ਦੇ ਜਨਮ ਸਥਾਨ ਪਿੰਡ ਬੱਲ੍ਹੋ ਜਿਲਾ ਬਠਿੰਡਾ ਸਿੱਧੂਪੁਰ ਜਥੇਬੰਦੀ ਵੱਲੋਂ ਬਹੁਤ ਵੱਡਾ ਇਕੱਠ ਕਰਨ ਦੀ ਤਿਆਰੀ ਨੂੰ ਲੈ ਕੇ ਵਿਚਾਰ ਚਰਚਾ ਕਰਦੇ ਵਿਚਾਰ ਪੇਸ਼ ਕੀਤੇ ਗਏ। ਆਗੂਆਂ ਵੱਲੋਂ ਪੂਰੇ ਪੰਜਾਬ ਦੇ ਨਾਲ ਦੂਸਰੇ ਸੂਬਿਆਂ ਤੋਂ ਵੀ ਕਿਸਾਨਾਂ ਦੇ ਆਉਣ ਤੇ ਜਿਲਾ ਬਠਿੰਡਾ ਵੱਲੋਂ ਭੋਗ ਸਮੇਂ ਸਿੱਧੂਪੁਰ ਜਥੇਬੰਦੀ ਦੇ ਸਾਰੇ ਬਲਾਕਾਂ ਪਿੰਡਾਂ ਵੱਲੋਂ ਵੱਡੀ ਗਿਣਤੀ ਵਿੱਚ ਆ ਰਹੇ ਕਿਸਾਨਾਂ ਦੇ ਚਾਹ ਰੋਟੀ ਦੇ ਪ੍ਰਬੰਧ ਲਈ ਲੰਗਰਾਂ ਦੀ ਸੇਵਾ ਸੰਭਾਲਣ ਲਈ ਜਿੰਮੇਵਾਰੀ ਚੁੱਕਦਿਆਂ ਪੂਰਨ ਰੂਪ ਵਿੱਚ ਸ਼ਾਮਲ ਹੋਣ ਦਾ ਵਿਸ਼ਵਾਸ਼ ਤਲਵੰਡੀ ਸਾਬੋ ਬਲਾਕ ਵੱਲੋਂ ਵੀ ਦਿਵਾਇਆ ਗਿਆ। ਇਸਤੋਂ ਇਲਾਵਾ ਖਨੌਰੀ ਬਾਰਡਰ ਉਪਰ 22 ਫਰਵਰੀ ਨੂੰ ਜਿੱਥੇ ਸਰਕਾਰ ਨਾਲ ਕਿਸਾਨੀ ਮੰਗਾਂ ਸੰਬੰਧੀ ਮੀਟਿੰਗ ਹੈ ਉਥੇ ਖਨੌਰੀ ਮੋਰਚੇ ਵਿੱਚ ਵੀ ਵੱਡੀ ਗਿਣਤੀ ਵਿੱਚ ਹਾਜਰ ਹੋਣ ਲਈ ਵਿਚਾਰ ਸਾਂਝੇ ਕੀਤੇ ਗਏ। ਅੱਜ ਦੀ ਮੀਟਿੰਗ ਵਿੱਚ ਬਲਾਕ ਪ੍ਰਧਾਨ ਮਹਿਮਾ ਸਿੰਘ ਜਿਲਾ ਸੀਨੀਅਰ ਮੀਤ ਪ੍ਰਧਾਨ ਬਠਿੰਡਾ ਯੋਧਾ ਸਿੰਘ ਨੰਗਲਾ, ਮੀਤ ਪ੍ਰਧਾਨ ਬਲਾਕ ਬਲਵੰਤ ਸਿੰਘ, ਨਛੱਤਰ ਸਿੰਘ ਬਹਿਮਣ ਕੌਰ ਸਿੰਘ ਤੋਂ ਇਲਾਵਾ ਬੀਬੀ ਅਮਰਜੀਤ ਕੌਰ ਬਠਿੰਡਾ, ਜਸਵੀਰ ਕੌਰ ਉਰਫ ਰਮਨ ਅਤੇ ਕਈ ਹੋਰ ਬੀਬੀਆਂ ਸਮੇਤ ਬਹੁਤ ਸਾਰੇ ਪਿੰਡ ਇਕਾਈ ਆਗੂ ਅਤੇ ਕਿਸਾਨ ਵੀਰ ਅਤੇ ਕਿਸਾਨ ਬੀਬੀਆਂ ਨੇ ਸ਼ਮੂਲੀਅਤ ਕੀਤੀ।

## ਬਾਬਾ ਦਰਸ਼ਨ ਸਿੰਘ ਕਲੋਨੀ ਦੀਆਂ ਵਿਧਾਇਕ ਸੰਧੂ ਮੁਸ਼ਕਲਾਂ ਸੁਣੀਆਂ



**ਚੌਕ ਮਹਿਤਾ, 19 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਬਾਬਾ ਦਰਸ਼ਨ ਸਿੰਘ ਕਲੋਨੀ ਰਾਮ ਤੀਰਥ ਰੋਡ ਦੇ ਪਛੜੇ ਵਿਕਾਸ ਕਾਰਜ ਜੰਗੀ ਪੱਧਰ ਤੇ ਕਰਵਾਏ ਜਾਣਗੇ ਇਹ ਵਿਚਾਰ ਸਰਪੰਚ ਅਮਨਦੀਪ ਸਿੰਘ ਬਾਬਾ ਗੁਰਜੀਤ ਸਿੰਘ ਕੁੱਲੀ ਦੀ ਅਗਵਾਈ ਹੇਠ ਰੱਖੀ ਗਈ ਮੀਟਿੰਗ ਦੌਰਾਨ ਹਲਕਾ ਵਿਧਾਇਕ ਪੱਛਮੀ ਡਾਕਟਰ ਜਸਬੀਰ ਸਿੰਘ ਸੰਧੂ ਪ੍ਰੈਸ ਨਾਲ ਗੱਲਬਾਤ ਕਰਦਿਆਂ ਸਾਂਝੇ ਕੀਤੇ ਉਹਨਾਂ ਕਿਹਾ ਕਿ ਜਿੱਥੇ ਪਿਛਲੇ 15 ਸਾਲ ਤੋਂ ਬਾਬਾ ਦਰਸ਼ਨ ਸਿੰਘ ਕਲੋਨੀ ਦੀਆਂ ਵੱਖ ਵੱਖ ਵਾਰਡਾਂ ਦੇ ਵਿਕਾਸ ਪਛੜੇ ਹੋਏ ਹਨ ਉਥੇ ਉਹਨਾਂ ਦੇ ਵਿਕਾਸ ਕਾਰਜਾਂ ਨੂੰ ਜਲਦ ਵਾਅਦਿਆਂ ਨੂੰ ਪੂਰਾ ਕੀਤਾ ਜਾਵੇਗਾ ਅੱਜ ਉਨਾਂ ਵੱਲੋਂ ਪੁਰਾਣੀ ਡੀਐਸ ਸਟੇਟ ਨਵਾਂ ਟਰਾਂਸਫਾਰਮ ਬੈਂਕ ਵਾਲੀ ਗਲੀ ਬੰਦ ਪਈ ਸੀਵਰੇਜ ਪ੍ਰਣਾਲੀ ਨੂੰ ਚਾਲੂ ਕਰਵਾਉਣ ਸਮੇਤ ਵੱਖ-ਵੱਖ ਸੜਕਾਂ ਉੱਪਰ ਜਲਦ ਇੰਟਰਲੋਗਿੰਗ ਟਾਇਲ ਲਾਉਣ ਦਾ ਕਲੋਨੀ ਵਾਸੀਆਂ ਦਾ ਵਾਅਦਾ ਕੀਤਾ ਜਲਦ ਕੰਮ ਮੁਕੰਮਲ ਕਰ ਲਏ ਜਾਣਗੇ ਇਸ ਮੌਕੇ ਕਰਨ ਮਾਰਬਲ ਜਥੇਦਾਰ ਬਚਨ ਸਿੰਘ ਧੌਲ ਸੁਰਜੀਤ ਸਿੰਘ ਸੰਧੂ ਜਗਜੀਤ ਸਿੰਘ ਨਵਤੇਜ ਵਿਰਦੀ ਬਲਰਾਜ ਸਿੰਘ ਗਿੱਲ ਪਰਮਜੀਤ ਸਿੰਘ ਜੋਤ ਸੀਮਟ ਪੰਚ ਜਸਬੀਰ ਕੌਰ ਸਮੇਤ ਕਾਫੀ ਗਿਣਤੀ ਵਿੱਚ ਕਲੋਨੀ ਨਿਵਾਸੀ ਹਾਜ਼ਰ ਸਨ

## ਸ੍ਰ ਪਿਆਰਾ ਸਿੰਘ ਬੱਲ ਜੀ ਦੀ ਮੌਤ ਤੇ ਈਟੀਟੀ ਅਧਿਆਪਕ ਯੂਨੀਅਨ ਪੰਜਾਬ ਵੱਲੋਂ ਦੁੱਖ ਦਾ ਪ੍ਰਗਟਾਵਾ



**ਚੌਕ ਮਹਿਤਾ, 19 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਸ੍ਰ ਸਕੱਤਰ ਸਿੰਘ ਬੱਲ ਜੁਆਇੰਟ ਚੀਫ਼ ਚੋਣ ਕਮਿਸ਼ਨ ਪੰਜਾਬ , ਅਧਿਆਪਕ ਆਗੂ ਸੁਖਦੇਵ ਸਿੰਘ ਬੱਲ ਅਤੇ ਨਛੱਤਰ ਸਿੰਘ ਬੱਲ ਸਠਿਆਲਾ ਦੇ ਸਤਿਕਾਰਯੋਗ ਪਿਤਾ ਸ੍ਰ ਪਿਆਰਾ ਸਿੰਘ ਜੀ ਬੱਲ ਦੀ ਬੀਤੇ ਦਿਨੀਂ ਹੋਈ ਮੌਤ ਤੇ ਈਟੀਟੀ ਅਧਿਆਪਕ ਯੂਨੀਅਨ ਪੰਜਾਬ ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਸਿੰਘ ਜਲਾਲ ਉਸਮਾਂ ਦੀ ਅਗਵਾਈ ਵਿੱਚ ਬੱਲ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਉਹਨਾ ਨੇ ਕਿਹਾ ਕਿ ਬੱਲ ਪਰਿਵਾਰ ਲਈ ਪਿਤਾ ਜੀ ਦਾ ਸਦੀਵੀ ਵਿਛੋੜਾ ਇੱਕ ਬਹੁਤ ਵੱਡਾ ਘਾਟਾ ਹੈ। ਇਸ ਸਮੇਂ ਪਰਿਵਾਰ ਨਾਲ ਦੁੱਖ ਵੰਡਾਉਣ ਵਾਲਿਆਂ ਵਿੱਚ ਜਥੇਬੰਦੀ ਦੇ ਸੀਨੀਅਰ ਆਗੂ ਹਰਿੰਦਰ ਸਿੰਘ ਪੱਲ੍ਹਾ, ਚਰਨਜੀਤ ਸਿੰਘ ਵਿਛੋਆ, ਰਵੀ ਅਰੋੜਾ, ਸੂਰਜ ਪ੍ਰਕਾਸ਼, ਅਜੇਪਾਲ ਸਿੰਘ ਰਈਆ, ਨਵਜਿੰਦਰ ਸਿੰਘ ਜੰਡਿਆਲਾ, ਰਾਜੇਸ਼ ਬੁੱਟਰ, ਹਰਵਿੰਦਰ ਸਿੰਘ ਬੱਲ, ਮਹਿੰਦਰ ਸਿੰਘ ਟੌਂਗ, ਹਰਜੀਤ ਸਿੰਘ ਥੋਥੀਆਂ ਦਿਲਾਬਰ ਸਿੰਘ ਆਦਿ ਸ਼ਾਮਲ ਸਨ।

ਸਿੱਖਾਂ ਨੂੰ ਹਿੰਦੂਆਂ ਦਾ ਹਿੱਸਾ ਦੱਸਣ ਵਾਲੇ ਆਰਪੀ ਸਿੰਘ

# ਸਿੱਖ ਹਿੰਦੂ ਨਹੀਂ "ਅਕਾਲ ਪੁਰਖ ਦੀ ਫੌਜ" ਹੈ: ਭਾਈ ਅਰਵਿੰਦਰ ਸਿੰਘ ਰਾਜਾ




**ਨਵੀਂ ਦਿੱਲੀ 19 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਜਿਸ ਸਮੇਂ ਤੋਂ ਸਿੱਖ ਧਰਮ ਹੋਂਦ ਵਿੱਚ ਆਇਆ ਹੈ, ਉਸੇ ਸਮੇਂ ਤੋਂ ਕੱਟੜਵਾਦੀ ਹਿੰਦੂ ਵਿਦਵਾਨਾਂ ਵੱਲੋਂ ਸਿੱਖ ਧਰਮ ਨੂੰ ਇੱਕ ਵਿਲੱਖਣ ਤੇ ਨਿਆਰਾ ਧਰਮ ਮੰਨਣ ਦੀ ਥਾਂ, ਇਸ ਨੂੰ ਹਿੰਦੂ ਧਰਮ ਦਾ ਇੱਕ ਹਿੱਸਾ ਜ਼ਬਰਦਸਤੀ ਗਰਦਾਨੇ ਜਾਣ ਲਈ ਸਿਰਤੋੜ ਯਤਨ ਕੀਤੇ ਜਾ ਰਹੇ ਹਨ।ਅਖੰਡ ਕੀਰਤਨੀ ਜੱਥਾ (ਦਿੱਲੀ) ਦੇ ਮੁੱਖ ਸੇਵਾਦਾਰ ਭਾਈ ਅਰਵਿੰਦਰ ਸਿੰਘ ਰਾਜਾ ਨੇ ਕਿਹਾ ਕਿ ਦੁੱਖ ਇਸ ਗੱਲ ਦਾ ਹੈ ਕਿ ਭਾਜਪਾ ਦੇ ਆਰਪੀ ਸਿੰਘ ਵਰਗੇ ਅਖੌਤੀ ਜੋ ਸਿੱਖ ਹੋਣ ਦਾ ਦਾਹਵਾ ਕਰਦੇ ਰਹਿੰਦੇ ਹਨ ਕੁਰਸੀ ਦੀ ਭੁੱਖ ਅਤੇ ਚਾਪਲੂਸੀਆਂ ਕਰਕੇ ਸਿੱਖਾਂ ਨੂੰ ਹਿੰਦੂਆਂ ਦਾ ਹਿੱਸਾ ਦਸ ਰਹੇ ਹਨ ।ਉਨ੍ਹਾਂ ਨੂੰ ਚੇਤੇ ਹੋਣਾ ਚਾਹੀਦਾ ਹੈ ਕਿ ਗੁਰੂ ਨਾਨਕ ਪਾਤਸ਼ਾਹ ਨੇ ਕਿਹਾ ਸੀ ਕਿ "ਨਾ ਹਮ ਹਿੰਦੂ ਨਾ ਮੁਸਲਮਾਨ॥ ਅਲਾਹ ਰਾਮ ਕੇ ਪਿੰਡ ਪਰਾਨ॥" ਅਤੇ ਸਿੱਖ ਧਰਮ ਦਸ ਗੁਰੂਆਂ ਦੀ ਓਹ ਦੇਣ ਹੈ ਜਿਸ ਸਦਕਾ ਅਜ ਸੰਸਾਰ ਅੰਦਰ ਮਨੁੱਖਤਾ ਦੀ ਸੇਵਾ ਦਾ ਨਾਮ ਰੋਸ਼ਨ ਹੋਇਆ ਹੈ ਜਬਰ ਅਤੇ ਅਨਿਆਂ ਵਿਰੁੱਧ ਆਵਾਜ਼ ਬੁਲੰਦ ਕਰਣ ਦੀ ਹਿੰਮਤ ਪੈਦਾ ਹੋਈ ਹੈ ।ਸਿੱਖ ਧਰਮ ਜੋ ਕਿ ਦਸਮ ਪਾਤਸ਼ਾਹ ਵਲੋਂ ਅੰਮ੍ਰਿਤ ਸੰਚਾਰ ਤੋਂ ਬਾਅਦ ਖਾਲਸਾ ਪੰਥ ਸਜ ਗਿਆ ਸੀ ਪਰਮਾਤਮਾ ਦੀ ਮੌਜ ਵਿੱਚੋ ਪ੍ਰਗਟ ਹੋਇਆ "ਖਾਲਸਾ ਅਕਾਲ ਪੁਰਖ ਕੀ ਫੌਜ ।। ਪ੍ਰਗਟਿਓ ਖਾਲਸਾ ਪ੍ਰਮਾਤਮ ਕੀ ਮੌਜ" ।। ਹੈ ਨਾ ਕਿ ਕਿਸੇ ਹਿੰਦੂ ਧਰਮ ਦਾ ਹਿੱਸਾ ।ਸਿੱਖ ਧਰਮ ਇਨਸਾਨੀਅਤ ਦੇ ਤੌਰ 'ਤੇ ਹਿੰਦੂ, ਮੁਸਲਮਾਨ, ਈਸਾਈ, ਬੋਧੀ, ਜੈਨੀ, ਜਹੂਦੀ, ਪਾਰਸੀ ਆਦਿਕ ਸਾਰੇ ਹੀ ਧਰਮਾਂ ਦਾ ਸਤਿਕਾਰ ਕਰਦਾ ਹੈ ਅਤੇ ਸਾਰੀ ਮਨੁੱਖਤਾ ਨੂੰ ਇੱਕ ਅਕਾਲ ਪੁਰਖ ਦੀ ਅੰਸ਼ ਜਾਣ ਕੇ ਆਪਸੀ ਭਾਈਚਾਰਾ ਕਾਇਮ ਰੱਖਣ ਦਾ ਹਾਮੀ ਹੈ: 'ਏਕੁ ਪਿਤਾ ਏਕਸ ਕੇ ਹਮ ਬਾਰਿਕ ਤੂ ਮੇਰਾ ਗੁਰ ਹਾਈ ॥' (611)। ਇੱਕ ਪਿਤਾ ਦੇ ਪੁੱਤਰ ਹੋਣ ਦੇ ਨਾਤੇ ਕਿਸੇ ਨਾਲ ਵੈਰ ਭਾਵਨਾ ਰੱਖਣ ਦੇ ਵਿਰੁੱਧ ਹੈ ਅਤੇ ਸਭ ਨਾਲ ਮਿੱਤਰਤਾ ਕਾਇਮ ਰੱਖਣ ਦਾ ਚਾਹਵਾਨ ਹੈ: 'ਸਭੁ ਕੋ ਮੀਤੁ ਹਮ ਆਪਨ ਕੀਨਾ ਹਮ ਸਭਨਾ ਕੇ ਸਾਜਨ ॥' (671) ਅਤੇ 'ਨਾ ਕੋ ਬੈਰੀ ਨਹੀਂ ਬਿਗਾਨਾ ਸਗਲ ਸੰਗਿ ਹਮ ਕਉ ਬਨਿ ਆਈ ॥' (1299)। ਪਰ ਆਪਣੇ ਆਪ ਨੂੰ ਕਦਾਚਿਤ ਵੀ ਹਿੰਦੂ ਜਾਂ ਹੋਰ ਕਿਸੇ ਧਰਮ ਦਾ ਹਿੱਸਾ ਜਾਂ ਪਿਛਲੱਗ ਬਣਨ ਲਈ ਤਿਆਰ ਨਹੀਂ ਹੈ। ਇਸ ਦਾ ਕਾਰਣ ਇਹ ਹੈ ਕਿ ਗੁਰੂ ਨਾਨਕ ਸਾਹਿਬ ਜੀ ਨੇ 10 ਸਾਲ ਦੀ ਉਮਰ ਵਿੱਚ ਹੀ ਹਿੰਦੂ ਧਰਮ ਦੀ ਪਵਿੱਤਰ ਮੰਨੀ ਗਈ ਰਸਮ ਜਨੇਊ ਪਹਿਨਣ ਤੋਂ ਇਨਕਾਰ ਕਰਕੇ ਇਹ ਦੱਸ ਦਿੱਤਾ ਸੀ ਕਿ ਉਹ ਹਿੰਦੂ ਨਹੀਂ ਅਤੇ ਉਸ ਦਾ ਧਰਮ ਕੋਈ ਹੋਰ ਹੈ। ਇਸ ਤੋਂ ਇਲਾਵਾ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਬਾਣੀ ਦੇ ਰਚਨਹਾਰੇ 6 ਗੁਰੂਆਂ ਸਮੇਤ ਸਾਰੇ ਹੀ ਭਗਤ ਸਾਹਿਬਾਨ ਨੇ; ਉਸ ਸਮੇਂ ਭਾਰਤ ਵਿੱਚ ਪ੍ਰਚਲਤ ਹਿੰਦੂ, ਇਸਲਾਮ, ਜੋਗ ਅਤੇ ਜੈਨ ਧਰਮ ਦੇ ਮੁੱਢਲੇ ਸਿਧਾਂਤਾਂ ਅਤੇ ਅੰਧਵਿਸ਼ਵਾਸ਼ਾਂ 'ਤੇ ਜ਼ਬਰਦਸਤ ਚੋਟ ਕਰਦੇ ਹੋਏ ਉਨ੍ਹਾਂ ਨੂੰ ਮੰਨਣ ਤੋਂ ਇਨਕਾਰੀ ਹੈ। ਉਨ੍ਹਾਂ ਕਿਹਾ ਕਿ ਅਸੀਂ ਜੱਥੇਦਾਰ ਅਕਾਲ ਤਖਤ ਸਾਹਿਬ, ਸ਼੍ਰੋਮਣੀ ਕਮੇਟੀ, ਦਿੱਲੀ ਕਮੇਟੀ, ਸਿੱਖ ਪੰਥ ਦੀਆਂ ਧਾਰਮਿਕ ਰਾਜਸੀ ਜੱਥੇਬੰਦੀਆਂ ਨੂੰ ਸਨਿਮਰ ਅਪੀਲ ਕਰਦੇ ਹਾਂ ਕਿ ਆਰਪੀ ਸਿੰਘ ਵਰਗੇਆਂ ਉਪਰ ਧਾਰਮਿਕ ਭਾਵਨਾਵਾਂ ਦਾ ਖਿਲਵਾੜ ਕਰਦਿਆਂ ਸਿੱਖ ਹਿਰਦਿਆਂ ਨੂੰ ਠੇਸ ਪਹੁੰਚਾਣ ਦਾ ਮਾਮਲਾ ਦਰਜ਼ ਕਰਵਾ ਕੇ ਇੰਨ੍ਹਾ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਏ ਜਿਸ ਨਾਲ ਹੋਰਾਂ ਨੂੰ ਵੀ ਸਿੱਖ ਪੰਥ ਨਾਲ ਛੇੜਛਾੜ ਕਰਣ ਦਾ ਹੌਂਸਲਾ ਨਾ ਪੈ ਸਕੇ।

**ਆਰਪੀ ਸਿੰਘ ਤੇ ਧਾਰਮਿਕ ਭਾਵਨਾਵਾਂ ਨਾਲ ਖਿਲਵਾੜ ਕਰਣ ਲਈ ਕਨੂੰਨੀ ਕਾਰਵਾਈ ਦੀ ਮੰਗ**

ਆਵਾਜ਼ਿ ਕੌਮ AWAZE QAUM International Newspaper & WEB TV

ਬਾਦਲਾਂ ਦੇ ਚੱਪਲ ਝਾੜ ਘੜੰਮ ਚੌਧਰੀ ਡਾ. ਦਲਜੀਤ ਸਿੰਘ ਚੀਮਾ ਤੇ ਕੁਝ ਹੋਰਾਂ ਨੇ

# ਬਾਦਲਾਂ ਨੂੰ ਸਿੱਖੀ ਦੀ ਸਰਗਰਮ ਸਿਆਸਤ ਤੋਂ ਪੂਰੀ ਤਰ੍ਹਾਂ ਲਾਂਭੇ ਕੀਤਾ : ਭਾਈ ਵਿਰਸਾ ਸਿੰਘ ਖਾਲਸਾ

**ਜੰਡਿਆਲਾ ਗੁਰੂ 19 ਫਰਵਰੀ ( ਕੁਲਵੰਤ ਸਿੰਘ ਵਿਰਦੀ)**-ਆਪਣੇ ਆਹੁੰਦੇ ਤੋਂ ਅਸਤੀਫਾ ਦੇ ਚੁੱਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਨੂੰ ਮਨਾਉਣ ਲਈ ਉਹਨਾਂ ਦੀ ਰਹਾਇਸ਼ ਹੁਸ਼ਿਆਰਪੁਰ ਵਿਖੇ ਪਹੁੰਚੇ ਡਾਕਟਰ ਦਲਜੀਤ ਸਿੰਘ ਚੀਮਾ, ਸੈਕਟਰੀ ਕੁਲਵੰਤ ਸਿੰਘ ਮੰਨਣ, ਹੀਰਾ ਸਿੰਘ ਗਾਬੜੀਆ ਤੇ ਕੁਝ ਹੋਰ ਬਾਦਲਾਂ ਦੇ ਚੱਪਲ ਝਾੜ ਘੜੰਮ ਚੌਧਰੀ ਜਿਥੇ ਬਾਦਲਾ ਦਾ ਸਿੱਖ ਸਿਆਸਤ ਤੋਂ ਪੂਰੀ ਤਰ੍ਹਾਂ ਸਫ਼ਾਇਆ ਕਰਨ ਤੇ ਤੁਲੇ ਹੋਏ ਹਨ , ਉਥੇ ਅਕਾਲ ਤਖ਼ਤ ਸਾਹਿਬ ਦੇ ਹੁਕਮਾ ਨੂੰ ਬੈਕ ਫੁੱਟ ਤੇ ਲਿਜਾ ਕੇ ਸਿੱਖੀ ਪ੍ਰੰਪਰਾਵਾਂ ਦਾ ਮਲਿਆਮੇਟ ਕਰ ਰਹੇ ਹਨ,ਇਹ ਕਿਸੇ ਤੋਂ ਲੁਕੀ ਛੁੱਪੀ ਗੱਲ ਨਹੀਂ ਕਿ ਇਹਨਾਂ ਚਾਪਲੂਸਾ ਕਰਕੇ ਅੱਜ ਵੀ ਪੜਦੇ ਪਿਛੇ ਸੁਖਬੀਰ ਸਿਓ ਦਾ ਹੁਕਮ ਚੱਲ ਰਿਹਾ ਹੈ ਅਤੇ ਇਨ੍ਹਾਂ ਚੱਪਲ ਝਾੜਾਂ ਨੇ ਅਕਾਲ ਤਖ਼ਤ ਸਾਹਿਬ ਤੋਂ ਸਿੱਖ ਪੰਥ ਦੇ ਦੋਸ਼ੀ ਸਾਬਤ ਕੀਤੇ ਗਏ ਸ੍ਰੀ ਸੁਖਬੀਰ ਬਾਦਲ ਨੂੰ ਫਿਰ ਤੋਂ ਅਕਾਲੀ ਦਲ ਦਾ ਪ੍ਰਧਾਨ ਬਣਾਉਣ ਲਈ ਸਿੰਘ ਸਾਹਿਬ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਵੱਲੋਂ ਅਕਾਲੀ ਦਲ ਦੀ ਸਾਂਝੀ ਭਰਤੀ ਲਈ 7 ਮੈਂਬਰੀ ਬਣਾਈ ਕਮੇਟੀ ਨੂੰ ਅਣਗੌਲਿਆਂ ਕਰਕੇ ਆਪਣੇ ਡੈਲੀ ਗੇਟਾਂ ਰਾਹੀਂ ਅਕਾਲੀ ਦਲ ਦੀ ਭਰਤੀ ਮੁਹਿੰਮ ਰਾਹੀਂ 70 /80 ਲੱਖ ਭਰਤੀ ਕਰਕੇ ਜਿਥੇ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਦੀ ਤੌਹੀਨ ਕੀਤੀ ,ਉਥੇ ਸਿੱਖ ਪੰਥ ਦੇ ਦੋਸ਼ੀ ਬਾਦਲ ਨੂੰ ਫਿਰ ਤੋਂ ਪ੍ਰਧਾਨ ਬਣਾਉਣ ਦੀ ਵਿਉਂਤਬੰਦੀ ਘੜਕੇ ਲੁਕਵੇਂ ਢੰਗ ਨਾਲ ਸਿੱਖ ਪੰਥ ਦੇ ਪੇਟ'ਚ ਛੁਰਾ ਮਾਰਿਆਂ,ਜਿਸ ਨੂੰ ਸਿੱਖ ਕੌਮ ਕਦੇ ਬਰਦਾਸ਼ਤ ਨਹੀਂ ਕਰੇਗੀ ਅਤੇ ਭਵਿੱਖ ਵਿੱਚ ਇਹਨਾਂ ਚਾਪਲੂਸਾ ਕਰਕੇ ਬਾਦਲਕੇ ਸਿੱਖੀ ਦੀ ਸਰਗਰਮ ਸਿਆਸਤ ਤੋਂ ਪੂਰੀ ਤਰ੍ਹਾਂ ਫੇਲ੍ਹ ਹੋ ਜਾਣਗੇ ਤੇ ਪਛਤਾਉਣਾ ਪਵੇਗਾ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਅਸਤੀਫਾ ਦੇ ਚੁੱਕੇ ਭਾਈ ਹਰਜਿੰਦਰ ਸਿੰਘ ਧਾਮੀ ਨੂੰ ਅਪੀਲ ਕਰਦੀ ਹੈ ਕਿ ਉਹ ਬਾਦਲਾਂ ਵੱਲੋਂ ਜਥੇਦਾਰ ਸਾਹਿਬ ਜੀ ਦੇ ਹੁਕਮਾਂ ਵਿਰੁੱਧ ਕੀਤੀ ਭਰਤੀ ਰੱਦ ਕਰਵਾ ਕੇ ਗਿਆਨੀ ਰਘਬੀਰ ਸਿੰਘ ਜੀ ਜਥੇਦਾਰ ਸਾਹਿਬ ਵੱਲੋਂ ਬਣਾਈ ਸੱਤ ਮੈਂਬਰੀ ਤੋਂ ਭਰਤੀ ਕਰਵਾਉਣ ਦੀ ਜੁਰਅਤ ਰੱਖਣ ਦੇ ਨਾਲ ਨਾਲ ਗਿਆਨੀ ਹਰਪ੍ਰੀਤ ਸਿੰਘ ਦੀ ਜਥੇਦਾਰ ਸਾਹਿਬ ਦੇ ਹੁਕਮਾਂ ਵਿਰੁੱਧ ਸ਼੍ਰੋਮਣੀ ਕਮੇਟੀ ਵੱਲੋਂ ਕੀਤੀ ਜਾਂਚ ਨੂੰ ਰੱਦ ਕਰਵਾ ਸਕਦੇ ਹਨ ਤਾਂ ਇਨ੍ਹਾਂ ਚੱਪਲਾਂ ਝਾੜਾਂ ਦੀ ਗੱਲ ਮੰਨ ਕੇ ਫਿਰ ਪ੍ਰਧਾਨੀ ਆਹੁਦੇ ਤੇ ਪਰਤ ਆਓ ਅਤੇ ਬਾਦਲਾਂ ਦੇ ਚਾਪਲੂਸ ਬਣਨਾ ਛੱਡ ਕੇ ਸਿੱਖ ਪੰਥ ਦੀ ਚੜਦੀ ਕਲਾ ਤੇ ਅਕਾਲ ਤਖ਼ਤ ਸਾਹਿਬ ਦੀ ਸਰਬਉਚਤਾ ਦੇ ਕੰਮ ਕਰਨ ਦੀ ਲੋੜ ਤੇ ਜ਼ੋਰ ਦੇਣ ,ਨਹੀਂ ਤਾਂ ਅਰਾਮ ਨਾਲ ਘਰ ਬੈਠੇ ਰਹੋ, ਕਿਉਂਕਿ ਕਿ ਬਾਦਲਾ ਦੇ ਚੱਪਲ ਝਾੜਾ ਨੂੰ ਹੁਣ ਸਿੱਖ ਕੌਮ ਕਦੇ ਬਰਦਾਸ਼ਤ ਨਹੀਂ ਕਰੇਗੀ ? ਤੇ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਵੱਲੋਂ ਅਕਾਲ ਤਖ਼ਤ ਸਾਹਿਬ ਦੀ ਫਸੀਲ ਤੋਂ ਕੀਤੇ ਹੁਕਮਾਂ ਨੂੰ ਹਰਹੀਲੇ ਬਹਾਲ ਕੀਤਾ ਜਾਵੇਗਾ,ਇਹਨਾਂ ਸ਼ਬਦਾਂ ਦਾ ਪ੍ਰਗਟਾਵਾਂ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਐਸ ਜੀ ਪੀ ਸੀ ਦੀ ਪ੍ਰਧਾਨਗੀ ਤੋਂ ਅਸਤੀਫ਼ਾ ਦੇ ਚੁੱਕੇ ਭਾਈ ਹਰਜਿੰਦਰ ਸਿੰਘ ਧਾਮੀ ਨੂੰ ਮਨਾਉਣ ਪਹੁੰਚੇ ਬਾਦਲਾਂ ਦੇ ਚੱਪਲ ਝਾੜ ਘੜੰਮ ਚੌਧਰੀ ਡਾਕਟਰ ਦਲਜੀਤ ਸਿੰਘ ਚੀਮਾ ਤੇ ਹੋਰਾਂ ਦੀਆਂ ਅਕਾਲ ਤਖ਼ਤ ਸਾਹਿਬ ਵਿਰੁੱਧ ਕੀਤੀਆਂ ਜਾ ਰਹੀਆਂ ਮੰਦਭਾਗੀ ਨਿੰਦਣਯੋਗ ਤਖ਼ਤ ਵਿਰੋਧੀ ਕਾਰਵਾਈਆਂ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਉਹਨਾਂ ਭਾਈ ਖਾਲਸਾ ਨੇ ਸਪੱਸ਼ਟ ਕੀਤਾ, ਭਾਈ ਹਰਜਿੰਦਰ ਸਿੰਘ ਧਾਮੀ ਜੋਂ ਜਥੇਦਾਰ ਸਾਹਿਬ ਜੀ ਵੱਲੋਂ ਬਣਾਈ ਸੱਤ ਮੈਂਬਰੀ ਕਮੇਟੀ ਦੇ ਮੁਖੀ ਸਨ ਅਗਵਾਈ'ਚ ਬੁਰੀ ਤਰ੍ਹਾਂ ਅਸਫਲ ਰਹੇ,ਕਿਉਂਕਿ ਇਨ੍ਹਾਂ ਬਾਦਲੀ ਚਾਪਲੂਸਾ ਦਾ ਧਾਮੀ ਤੇ ਵੱਡਾ ਦਬਾਅ ਸੀ, ਭਾਈ ਖਾਲਸਾ ਨੇ ਕਿਹਾ ਇਨ੍ਹਾਂ ਚਾਪਲੂਸਾ ਨੇ ਤਾਂ ਤਖਤਾਂ ਦੇ ਜਥੇਦਾਰਾਂ ਨੂੰ ਘਰਾਂ ਵਿੱਚ ਜਾ ਕੇ ਧਮਾਕਿਆਂ ਤੇ ਗਿਆਨੀ ਹਰਪ੍ਰੀਤ ਸਿੰਘ ਜੀ ਦੀ ਕਿਰਦਾਰਕੁਸ਼ੀ ਕਰਕੇ ਉਨ੍ਹਾਂ ਨੂੰ ਆਹੁਦੇ ਤੋਂ ਹਟਾਇਆ, ਭਾਈ ਖਾਲਸਾ ਨੇ ਦੱਸਿਆ ਹੁਣ ਸਾਬਕਾ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰ ਕਿਰਪਾਲ ਸਿੰਘ ਬਡੂੰਗਰ ਵੱਲੋਂ ਅਸਤੀਫ਼ਾ ਦੇਣ ਕਰਕੇ ਕਮੇਟੀ ਦੇ ਬਚੇ ਪੰਜ ਮੈਂਬਰ ਗੁਰਪ੍ਰਤਾਪ ਸਿੰਘ ਵਡਾਲਾ, ਮਨਪ੍ਰੀਤ ਇਯਾਲੀ ਤੇ ਹੋਰਾਂ ਨੇ ਮੀਟਿੰਗ ਕਰਕੇ ਇੱਕ ਰੀਪੋਰਟ ਬਣਾ ਕੇ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੂੰ ਸੌਂਪ ਕੇ ਸਪੱਸ਼ਟ ਕਰ ਦਿੱਤਾ ਹੈ ਕਿ ਬਾਦਲ ਕੇ ਤੁਹਾਡੇ ਵੱਲੋਂ ਸਾਂਝੀ ਭਰਤੀ ਕਰਨ ਵਾਸਤੇ ਬਣਾਈ ਕਮੇਟੀ ਰਾਹੀਂ ਅਕਾਲੀ ਦਲ ਭਰਤੀ ਕਰਵਾਉਣ ਦੇ ਚਾਹਵਾਨ ਨਹੀਂ ? ਭਾਈ ਖਾਲਸਾ ਨੇ ਦੱਸਿਆ ਗਿਆਨੀ ਰਘਬੀਰ ਸਿੰਘ ਜੀ ਵਿਦੇਸ਼ਾਂ ਤੋਂ ਪਰਤ ਆਏ ਹਨ ਅਤੇ ਹੁਣ ਸਭ ਦੀ ਨਿਗ੍ਹਾ ਗਿਆਨੀ ਰਘਬੀਰ ਸਿੰਘ ਜੀ ਜਥੇਦਾਰ ਸਾਹਿਬ ਤੇ ਟਿੱਕੀ ਹੋਈ ਹੈ ਕਿ ਉਹ ਹੁਣ ਬਾਦਲਕਿਆਂ ਵਿਰੁੱਧ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਬਾਗੀ ਹੋਣ ਸਬੰਧੀ ਕੋਈ ਯੋਗ ਸਖ਼ਤ ਤੋਂ ਸਖ਼ਤ ਕਾਰਵਾਈ ਕਰਕੇ ਕੌਮ ਨੂੰ ਸੰਤੁਸ਼ਟ ਕਰਵਾ ਸਕਣਗੇ ਜਾਂ ਫਿਰ ਦੂਜੇ ਜਥੇਦਾਰ ਸਾਹਿਬਾਨਾਂ ਵਾਂਗ ਉਹਨਾਂ ਨੂੰ ਵੀ ਆਹੁਦੇ ਤੋਂ ਲਾਬੇ ਹੋਣਾ ਪਵੇਗਾ,ਭਾਈ ਖਾਲਸਾ ਨੇ ਕਿਹਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਬਾਦਲਕਿਆਂ ਵੱਲੋਂ ਸਿਖਾਂ ਦੀ ਸੁਪਰੀਮ ਪਾਵਰ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਵੱਲੋਂ ਕੀਤੇ ਹੁਕਮਾਂ ਤੋਂ ਭਗੌੜੇ ਹੋਣ ਵਾਲੀ ਮੰਦਭਾਗੀ ਨੀਤੀ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਕਰਦੀ ਹੋਈ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਨੂੰ ਬੇਨਤੀ ਕਰਦੀ ਹੈ ਕਿ ਉਹ ਆਪਣੇ ਆਹੁਦੇ ਦੀਆਂ ਪੰਥਕ ਰਵਾਇਤੀ ਪਾਵਰਾਂ ਰਾਹੀਂ ਸਰਵਉਚ ਅਕਾਲ ਤਖ਼ਤ ਸਾਹਿਬ ਤੇ ਸਮੂਹ ਤਖਤਾਂ ਦੇ ਜਥੇਦਾਰਾਂ ਸਾਹਿਬਾਨਾਂ ਦੀ ਇਕੱਤਰਤਾ'ਚ ਬਾਦਲਕਿਆਂ ਵਿਰੁੱਧ ਸਖ਼ਤ ਤੋਂ ਸਖ਼ਤ ਫੈਸਲਾ ਲੈ ਕੇ ਅਕਾਲੀ ਫੂਲਾ ਸਿੰਘ ਜੀ ਦੇ ਇਤਿਹਾਸ ਨੂੰ ਉਜਾਗਰ ਕਰਨ ਦੀ ਲੋੜ ਤੇ ਜ਼ੋਰ ਦੇਣ,ਕੌਮ ਕਰੇਗੀ ਸਨਮਾਨਤ ਅਤੇ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਦੇ ਉੱਚ ਆਹੁਦੇ ਦੀਆਂ ਪੈਣਗੀਆਂ ਵਿਸਵ'ਚ ਗੂੰਜਾ ।



# ਸਮਾਜ ਸੇਵਕ ਮੱਟੂ ਨੇ ਡੀਸੀ ਸਾਕਸ਼ੀ ਸ਼ਾਹਨੀ ਨੂੰ ਸੌਂਪੀ ਪ੍ਰਾਪਤੀਆਂ ਅਤੇ ਗਤੀਵਿਧੀਆਂ ਦੀ ਰਿਪੋਰਟ



**ਚੌਂਕ ਮਹਿਤਾ, 19 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਜ਼ਿਲ੍ਹੇ ਦੇ ਸਕੂਲ ਮੁੱਖੀਆਂ,ਸਮਾਜ ਸੇਵੀਆ, ਖੇਡ ਪ੍ਰੇਮੀਆਂ ਅਤੇ ਹੋਰ ਪ੍ਰਸਿੱਧ ਸਖ਼ਸ਼ੀਅਤਾਂ ਨੂੰ ਇਕ ਮੰਚ 'ਤੇ ਖੜ੍ਹੇ ਕਰ ਕੇ ਭਰੂਣ ਹੱਤਿਆ ਖ਼ਿਲਾਫ਼ ਹਾਅ ਦਾ ਨਾਅਰਾ ਮਾਰਣ ਵਾਲੀ ਅਤੇ ਸਮਾਜ ਸੇਵਾ ਦੇ ਖੇਤਰ 'ਚ ਵਿਲੱਖਣ ਪਛਾਣ ਬਣਾ ਕੇ ਇੰਡੀਆ ਬੁੱਕ ਵਿਚ ਨਾਂਅ ਦਰਜ ਕਰਵਾਉਣ ਤੋਂ ਇਲਾਵਾ ਕਈ ਕੌਮੀ, ਰਾਜ ਅਤੇ ਜ਼ਿਲ੍ਹਾ ਪੱਧਰੀ ਐਵਾਰਡ ਪ੍ਰਾਪਤ ਕਰਨ ਵਾਲੀ ਪੰਜਾਬ ਦੀ ਨਾਮਵਰ ਸਮਾਜ ਸੇਵੀ ਸੰਸਥਾ "ਮਾਣ ਧੀਆਂ 'ਤੇ" ਸਮਾਜ ਭਲਾਈ ਸੋਸਾਇਟੀ (ਰਜਿ) ਅੰਮ੍ਰਿਤਸਰ ਦੇ ਪ੍ਰਧਾਨ ਅਤੇ ਪ੍ਰਸਿੱਧ ਸਮਾਜ ਸੇਵਕ ਗੁਰਿੰਦਰ ਸਿੰਘ ਮੱਟੂ ਵੱਲੋਂ ਪਿਛਲੇ ਲੰਮੇ ਸਮੇਂ ਦੀਆਂ ਪ੍ਰਾਪਤੀਆਂ ਅਤੇ ਗਤੀਵਿਧੀਆ ਦੀ ਇੱਕ ਵਿਸ਼ੇਸ਼ ਦਸਤਾਵੇਜ਼ੀ ਰਿਪੋਰਟ ਜਿਲ੍ਹਾ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ਼੍ਰੀਮਤੀ ਸਾਕਸ਼ੀ ਸ਼ਾਹਨੀ ਨੂੰ ਸੌਂਪੀ ਗਈ, ਜਿਸਨੂੰ ਡੀਸੀ ਨੇ ਬੜੀ ਸੰਜੀਦਗੀ ਤੇ ਸੁਹਿਰਦਤਾ ਨਾਲ ਦੇਖਿਆ ਤੇ ਜਾਂਚਿਆ। ਉਨ੍ਹਾਂ ਖੁਸ਼ੀ ਤੇ ਸੰਤੁਸ਼ਟੀ ਦਾ ਪ੍ਰਗਟਾਵਾ ਕਰਦੇ ਹੋਏ ਸਮਾਜ ਸੇਵਕ ਮੱਟੂ ਨੂੰ ਇੰਡੀਆ ਬੁੱਕ ਅਤੇ ਭਾਰਤ ਦੇ 100 ਟਾਪਰ ਭਾਰਤੀਆਂ 'ਚ 51ਵਾਂ ਸਥਾਨ ਪ੍ਰਾਪਤ ਕਰਨ 'ਤੇ ਵਧਾਈ ਦਿੰਦਿਆਂ ਪਿੱਠ-ਥਾਪੜਾ ਦਿੱਤਾ ਤੇ ਅਗਾਂਹ ਸਮਾਜਿਕ ਬੁਰਾਈਆ ਦਾ ਡਟ ਕੇ ਸਾਹਮਣਾ ਕਰਨ ਦਾ ਹੌਸਲਾ ਵੀ ਦਿੱਤਾ। ਰਿਪੋਰਟ 'ਚ ਪ੍ਰਧਾਨ ਮੱਟੂ ਨੇ ਭਰੂਣ ਹੱਤਿਆ ਖਿਲਾਫ ਤੇ ਬੇਟੀ ਬਚਾਓ ਬੇਟੀ, ਬੇਟੀ ਪੜ੍ਹਾਓ ਮੁਹਿੰਮ ਤਹਿਤ ਜਾਗਰੂਕ ਕਰਨ ਲਈ ਸ਼ੁਰੂ ਕੀਤੀ ਹਸਤਾਖਰ ਮੁਹਿੰਮ 'ਚ ਸਰਕਾਰੀ ਅਤੇ ਗੈਰ-ਸਰਕਾਰੀ 151 ਸਕੂਲਾਂ-ਕਾਲਜਾਂ ਦੇ ਨੌਜਵਾਨ ਲੜਕੇ-ਲੜਕੀਆਂ ਵੱਲੋਂ ਕੀਤੇ ਗਏ 1 ਲੱਖ 6 ਹਜ਼ਾਰ 800 ਦਸਤਖਤਾਂ ਬਾਰੇ ਜਾਣਕਾਰੀ ਦਿੱਤੀ ।ਮੱਟੂ ਨੇ ਇਹ ਵੀ ਸਪੱਸ਼ਟ ਕੀਤਾ ਕਿ ਇਸ ਮੁਹਿੰਮ ਨਾਲ ਨੌਜਵਾਨ ਪੀੜ੍ਹੀ 'ਚ ਔਰਤਾਂ ਖਿਲਾਫ ਸਮਾਜ ਵਿੱਚ ਫੈਲੀਆਂ ਕੁਰੀਤੀਆਂ 'ਤੇ ਮੁਕੰਮਲ ਰੋਕ ਲਾਉਣ ਨਾਲ ਭਰੂਣ ਹੱਤਿਆ ਖਿਲਾਫ ਜਾਗਰੁਕਤਾ ਪੈਦਾ ਹੋਵੇਗੀ।ਆਖਿਰ ਵਿੱਚ ਉਹਨਾਂ ਨੇ ਸੋਸਾਇਟੀ ਦੇ ਵੱਲੋਂ ਸਾਲ ਭਰ ਹੋਣ ਵਾਲੀਆ ਗਤੀਵਿਧੀਆਂ ਬਾਰੇ ਚਾਨਣਾ ਪਾਉਦਿਆ ਵਧੇਰੇ ਜਾਣਕਾਰੀ ਦਿੱਤੀ ਕੇ 13 ਜਨਵਰੀ ਨੂੰ ਲੋਹੜੀ ਦੇ ਤਿਉਹਾਰ ਮੌਕੇ "ਲਿਟਲ ਪੰਜਾਬਣ ਮੁਕਾਬਲਾ" 24 ਜਨਵਰੀ ਕੌਮੀ ਬਾਲੜੀ ਦਿਵਸ ਮੌਕੇ ਲੜਕੀਆਂ ਦਾ ਰੱਸਾ-ਕੱਸੀ ਮੁਕਾਬਲਾ,8 ਮਾਰਚ ਕੌਮਾਂਤਰੀ ਮਹਿਲਾ ਦਿਵਸ ਮੌਕੇ ਰਾਜ-ਪੱਧਰੀ ਸਨਮਾਨ ਸਮਾਰੋਹ,4 ਮਈ ਮਾਂ ਦਿਵਸ ਮੌਕੇ ਭਾਸ਼ਣ ਮੁਕਾਬਲਾ,5 ਜੂਨ ਵਿਸ਼ਵ ਵਾਤਾਵਰਣ ਦਿਵਸ ਮੌਕੇ ਰੁੱਖ ਲਗਾਓ ਮੁਹਿੰਮ,29 ਅਗਸਤ ਰਾਸ਼ਟਰੀ ਖੇਡ ਦਿਵਸ ਮੌਕੇ ਸਨਮਾਨ ਸਮਾਰੋਹ 'ਚ ਕੌਮਾਂਤਰੀ ਅਤੇ ਕੌਮੀ ਖਿਡਾਰੀਆਂ ਦਾ ਸਨਮਾਨ,5 ਸਤੰਬਰ ਅਧਿਆਪਕ ਦਿਵਸ ਮੌਕੇ ਸਨਮਾਨ ਸਮਾਰੋਹ, ਅਕਤੂਬਰ ਮਹੀਨੇ ਵਿੱਚ 17ਵੀਂ ਇੰਟਰ-ਸਕੂਲ ਐਥਲੇਟਿਕਸ ਮੀਟ, 23 ਦਸੰਬਰ ਤੀਸਰਾ ਵੀਰ ਬਾਲ ਦਿਵਸ ਖੇਡ ਮੇਲਾ, ਨਵੰਬਰ ਵਿੱਚ ਦਸਵੀ ਅਤੇ ਬਾਹਰਵੀਂ ਕਲਾਸ ਦੇ ਸਾਲਾਨਾ ਨਤੀਜੇ ਵਿੱਚੋ ਪੰਜਾਬ ਮੈਰਿਟ ਹੋਲਡਰ ਲੜਕੀਆਂ ਨੂੰ ਮਾਣ ਧੀਆਂ 'ਤੇ ਐਵਾਰਡ ਨਾਲ ਸਨਮਾਨਿਤ ਕੀਤਾ ਜਾਦਾਂ ਹੈ 9 ਆਖਿਰ ਵਿੱਚ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ਼੍ਰੀਮਤੀ ਸਾਕਸ਼ੀ ਸ਼ਾਹਨੀ ਨੇ ਮੱਟੂ ਦੇ ਸਮਾਜ ਭਲਾਈ ਦੇ ਕੰਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਲੜਕੀਆਂ ਨੂੰ ਪੜ੍ਹਾਈ ਤੇ ਖੇਡਾਂ ਵਿਚ ਉਤਸ਼ਾਹਿਤ ਕਰਨਾ ਇਕ ਵਧੀਆ ਉਪਰਾਲਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV


# ਕੱਚੇ ਮੁਲਾਜ਼ਮਾਂ ਨੂੰ ਪੱਕੇ ਵਰਕਲੋਡ ਮੁਤਾਬਿਕ ਨਵੀਂ ਭਰਤੀ ਕਰਨ ਆਦਿ ਵੱਖ ਵੱਖ ਮੁਦਿਆਂ ਤੇ ਪਾਵਰਕਾਮ ਯੂਨੀਅਨ ਦੀ ਹੋਈ ਅਹਿਮ ਮੀਟਿੰਗ ਗੁਰਮੀਤ ਸਿੰਘ ਸਕੱਤਰ



**ਜੰਡਿਆਲਾ ਗੁਰੂ, 19 ਫਰਵਰੀ ( ਕੁਲਵੰਤ ਸਿੰਘ ਵਿਰਦੀ)**-ਬੀਤੇ ਦਿਨ ਮਿਤੀ 18-2-2025 ਨੂੰ ਪਾਵਰਕਾਮ ਐਂਡ ਟ੍ਰਾਸਕੋ ਯੂਨੀਅਨ ਜੰਡਿਆਲਾ ਗੁਰੂ ਦੀ ਮਾਸਕ ਮੀਟਿੰਗ ਸਾਥੀ ਸ੍ਰ: ਗੁਰਮੀਤ ਸਿੰਘ ਸਕੱਤਰ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਮਨਜੀਤ ਸਿੰਘ ਸਰਕਲ ਆਗੂ ਤਰਨ ਤਾਰਨ ਵੱਲੋਂ ਸ਼ਿਰਕਤ ਕੀਤੀ ਗਈ ਅਤੇ ਮੀਟਿੰਗ ਵਿੱਚ ਬੁਲਾਰਿਆਂ ਵੱਲੋਂ ਬੋਲਦਿਆਂ ਹੋਇਆਂ ਮੁਲਾਜ਼ਮਾਂ ਦੀਆਂ ਮੁੱਖ ਮੰਗਾਂ ਬਾਰੇ ਸਰਕਾਰ ਨੂੰ ਜਾਣੂੰ ਕਰਵਾਉਂਦਿਆਂ ਹੋਇਆਂ ਕਿਹਾ ਕਿ ਪਾਵਰਕਾਮ ਦੇ ਪ੍ਰਬੰਧਕਾਂ ਤੇ ਡੀਏ ਦੀਆਂ ਕਿਸ਼ਤਾਂ ਦਾ ਬਕਾਇਆ ਪੁਰਾਣੀ ਪੈਨਸ਼ਨਜ਼ , ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨਾ ਅਤੇ 2.59 ਦਾ ਫੈਕਟਰ ਲਗਾ ਕੇ ਪੈਨਸ਼ਨਜ਼ ਸੋਧੀਆ ਜਾਣ ਇਸ ਤੋਂ ਇਲਾਵਾ ਵਰਕਲੋਡ ਦੇ ਮੁਤਾਬਿਕ ਨਵੀਂ ਭਰਤੀ ਕੀਤੀ ਜਾਵੇ ਇਸ ਮੌਕੇ ਗੁਰਮੀਤ ਸਿੰਘ, ਦਵਿੰਦਰ ਸਿੰਘ ਕੈਸ਼ੀਅਰ, ਹਰਜਿੰਦਰ ਸਿੰਘ , ਕੁਲਵਿੰਦਰ ਸਿੰਘ, ਕਰਨੈਲ ਸਿੰਘ , ਸਰੂਪ ਸਿੰਘ , ਪ੍ਰਕਾਸ਼ ਸਿੰਘ, ਗੁਰਦੇਵ ਸਿੰਘ, ਗੁਰਚਰਨ ਸਿੰਘ, ਆਦਿ ਸ਼ਾਮਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243





ਧੰਨ ਸ੍ਰੀ ਗੁਰੂ ਹਰਰਾਏ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਸਲਾਨਾ ਜੋੜਮੇਲਾ ਵਿਧਾਨ ਸਭਾ ਹਲਕਾ ਅਜਨਾਲਾ ਦੇ ਪਿੰਡ ਹਰੜ ਖੁਰਦ ਵਿਖੇ ਮਨਾਇਆ ਗਿਆ। ਜਿਸ ਵਿੱਚ ਲੋਕ ਸਭਾ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਜੱਥੇਬੰਦੀ ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਭਾਈ ਸੁਰਿੰਦਰ ਪਾਲ ਸਿੰਘ ਤਾਲਬਪੁਰਾ ਨੇ ਆਪਣੇ ਸਾਥੀਆਂ ਸਮੇਤ ਭਰੀ ਹਾਜ਼ਰੀ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

### ਦੇਸ਼ ਦੇ ਸੁਤੰਤਰਤਾ ਸੰਗਰਾਮੀਆਂ ਨੂੰ ਸਮਰਪਿਤ ਹੋਵੇਗਾ ਬਠਿੰਡਾ ਦਾ ਵਿਰਾਸਤੀ ਮੇਲਾ- ਵਧੀਕ ਡਿਪਟੀ ਕਮਿਸ਼ਨਰ

# ਪਿੰਡ ਜੈਪਾਲਗੜ੍ਹ ਵਿਖੇ 18ਵਾਂ ਵਿਰਾਸਤੀ ਮੇਲਾ 21, 22 ਤੇ 23 ਮਾਰਚ ਨੂੰ



ਬਠਿੰਡਾ, 19 ਫ਼ਰਵਰੀ (ਗੁਰਜੰਟ ਸਿੰਘ ਨਥੇਹਾ)- ਸੂਬਾ ਸਰਕਾਰ ਵੱਲੋਂ ਪੰਜਾਬ ਤੇ ਪੰਜਾਬੀਅਤ ਦੇ ਪੁਰਾਣੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਅਤੇ ਪੁਰਾਣੀ ਵਿਰਾਸਤ ਦੀ ਸਾਂਭ-ਸੰਭਾਲ ਲਈ ਕੰਮ ਕਰ ਰਹੀ ਮਾਲਵਾ ਹੈਰੀਟੇਜ਼ ਅਤੇ ਸੱਭਿਆਚਾਰਕ ਫਾਊਂਡੇਸ਼ਨ ਦੇ ਸਹਿਯੋਗ ਨਾਲ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਇੱਥੇ ਸਥਿਤ ਵਿਰਾਸਤੀ ਪਿੰਡ ਜੈਪਾਲਗੜ੍ਹ ਵਿਖੇ 21, 22 ਅਤੇ 23 ਮਾਰਚ 2025 ਨੂੰ ਕਰਵਾਇਆ ਜਾ ਰਿਹਾ 18ਵਾਂ ਵਿਰਾਸਤੀ ਮੇਲਾ ਦੇਸ਼ ਦੇ ਸੁਤੰਤਰਤਾ ਸੰਗਰਾਮੀਆਂ ਨੂੰ ਸਮਰਪਿਤ ਹੋਵੇਗਾ। ਇਹ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ ਜਨਰਲ ਮੈਡਮ ਪੂਨਮ ਸਿੰਘ ਨੇ ਵਿਰਾਸਤੀ ਪਿੰਡ ਜੈਪਾਲਗੜ੍ਹ ਵਿਖੇ ਮੇਲੇ ਦੀਆਂ ਅਗਾਊਂ ਤਿਆਰੀਆਂ ਸਬੰਧੀ ਮਾਲਵਾ ਹੈਰੀਟੇਜ਼ ਅਤੇ ਸੱਭਿਆਚਾਰਕ ਫਾਊਂਡੇਸ਼ਨ ਦੇ ਅਹੁਦੇਦਾਰਾਂ ਤੇ ਅਧਿਆਰੀਆਂ ਨਾਲ ਕੀਤੀ ਗਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਾਂਝੀ ਕੀਤੀ। ਇਸ ਮੌਕੇ ਉਨ੍ਹਾਂ ਮੇਲਾ ਪ੍ਰਬੰਧਕਾਂ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਵਿਰਾਸਤੀ ਮੇਲਾ ਨੌਜਵਾਨ ਪੀੜ੍ਹੀ ਨੂੰ ਪੁਰਾਣੇ ਸੱਭਿਆਚਾਰ ਅਤੇ ਪੁਰਾਣੀ ਵਿਰਾਸਤ ਸਬੰਧੀ ਜਾਣਕਾਰੀ ਦੇਣ ਲਈ ਸਹਾਈ ਸਿੱਧ ਹੋਵੇਗਾ। ਉਨ੍ਹਾਂ ਇਸ ਮੇਲੇ ਦੀਆਂ ਅਗਾਊਂ ਤਿਆਰੀਆਂ ਸਬੰਧੀ ਵਿਰਾਸਤੀ ਪਿੰਡ ਜੈਪਾਲਗੜ੍ਹ ਦੀ ਸਾਫ਼-ਸਫ਼ਾਈ, ਡਾਕਟਰੀ ਟੀਮਾਂ, ਪੀਣ ਵਾਲੇ ਪਾਣੀ, ਬੈਰੀਕੇਟਿੰਗ, ਨਿਰਵਿਘਨ ਬਿਜਲੀ ਸਪਲਾਈ ਤੋਂ ਇਲਾਵਾ ਟ੍ਰੈਫਿਕ ਸਬੰਧੀ ਸੁਚੱਜੇ ਪ੍ਰਬੰਧ ਕਰਨ ਲਈ ਸਬੰਧਤ ਅਧਿਕਾਰੀਆਂ ਨੂੰ ਅਗਾਊਂ ਲੋੜੀਂਦੇ ਪ੍ਰਬੰਧ ਕਰਨ ਲਈ ਨਿਰਦੇਸ਼ ਦਿੱਤੇ। ਵਿਰਾਸਤੀ ਮੇਲੇ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਮਾਲਵਾ ਹੈਰੀਟੇਜ਼ ਅਤੇ ਸੱਭਿਆਚਾਰਕ ਫਾਊਂਡੇਸ਼ਨ ਦੇ ਪ੍ਰਧਾਨ ਸ. ਹਰਵਿੰਦਰ ਸਿੰਘ ਖਾਲਸਾ ਨੇ ਦੱਸਿਆ ਕਿ ਇਸ ਮੇਲੇ ਦੀ ਸ਼ੁਰੂਆਤ 21 ਮਾਰਚ ਨੂੰ ਸਵੇਰੇ ਗੁਰੂਦੁਆਰਾ ਹਾਜੀ ਰਤਨ ਵਿਖੇ ਅਰਦਾਸ ਕਰਵਾਉਣ ਉਪਰੰਤ ਦਰਗਾਹ ਤੇ ਚਾਦਰ ਚੜ੍ਹਾਉਣ ਨਾਲ ਹੋਵੇਗੀ। ਇਸ ਉਪਰੰਤ ਵਿਰਾਸਤੀ ਕਾਫ਼ਲਾ ਕੱਢਿਆ ਜਾਵੇਗਾ ਜਿਸ ਵਿੱਚ ਪੁਰਾਤਨ ਤੇ ਵਿਰਾਸਤੀ ਵਸਤਾਂ ਤੋਂ ਇਲਾਵਾ ਵੱਖ-ਵੱਖ ਰਾਜਾਂ ਦੇ ਸੱਭਿਆਚਾਰ ਨੂੰ ਦਰਸਾਉਂਦੀਆਂ ਹੋਈਆਂ ਪ੍ਰਦਰਸ਼ਨੀਆਂ ਸ਼ਾਮਲ ਹੋਣਗੀਆਂ। ਇਹ ਵਿਰਾਸਤੀ ਕਾਫਲਾ ਗੁਰਦੁਆਰਾ ਹਾਜੀ ਰਤਨ ਤੋਂ ਸ਼ੁਰੂ ਹੋ ਕੇ ਅਨਾਜ ਮੰਡੀ, ਪੁਰਾਣਾ ਥਾਣਾ, ਸਿਰਕੀ ਬਜਾਰ, ਸਦਭਾਵਨਾ ਚੌਂਕ, ਪੋਸਟ ਆਫਿਸ ਬਜਾਰ (ਮੰਦਰ ਹਨੂੰਮਾਨ ਜੀ), ਰੇਲਵੇ ਸਟੇਸ਼ਨ, ਮਾਲ ਰੋਡ, ਹਸਪਤਾਲ ਬਜਾਰ, ਧੋਬੀ ਬਜਾਰ, ਫਾਇਰਬ੍ਰਿਗੇਡ ਚੌਂਕ, ਮਾਲ ਰੋਡ, ਹਨੂੰਮਾਨ ਚੌਂਕ ਤੋਂ ਹੁੰਦਾ ਹੋਇਆ ਵਿਰਾਸਤੀ ਪਿੰਡ ਜੈਪਾਲਗੜ੍ਹ ਵਿਖੇ ਪਹੁੰਚੇਗਾ। ਇਸ ਉਪਰੰਤ ਵਿਰਾਸਤੀ ਪਿੰਡ ਦਾ ਉਦਘਾਟਨ ਉਪਰੰਤ ਮਲਵਈ ਗਿੱਧਾ ਅਤੇ ਪੰਜਾਬੀ ਗਾਇਕਾ ਵਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ। ਇਸ ਦੌਰਾਨ ਪ੍ਰਧਾਨ ਸ. ਹਰਵਿੰਦਰ ਸਿੰਘ ਖਾਲਸਾ ਨੇ ਦੱਸਿਆ ਕਿ 22 ਮਾਰਚ ਨੂੰ ਵਿਰਾਸਤੀ ਪਿੰਡ ਵਿਖੇ ਸੱਭਿਆਚਾਰਕ ਪ੍ਰੋਗਰਾਮ ਦੀ ਸ਼ੁਰੂਆਤ ਹੋਵੇਗੀ, ਜਿਸ ਦੌਰਾਨ ਕਵੀਸਰ, ਗਵੰਤਰੀ, ਨਾਰਥਜੋਨ ਕਲਚਰ ਦੀਆਂ ਟੀਮਾਂ ਦੀ ਪੇਸ਼ਕਾਰੀ, ਗਿੱਧੇ, ਭੰਗੜੇ, ਸੰਮੀ, ਲੁਡੀ, ਭੰਡਾਂ ਦੀ ਪੇਸ਼ਕਾਰੀ ਤੋਂ ਇਲਾਵਾ ਪ੍ਰਸਿੱਧ ਪੰਜਾਬੀ ਗਾਇਕ ਤੇ ਸੂਫ਼ੀ ਗਾਇਕਾਂ ਵਲੋਂ ਆਪਣੀ ਕਲਾਂ ਦਾ ਪ੍ਰਦਰਸ਼ਨ ਕਰਨਗੇ। ਇਸੇ ਤਰ੍ਹਾਂ 23 ਮਾਰਚ ਨੂੰ ਕਵੀਸਰੀ, ਕਵੀ ਦਰਬਾਰ, ਦੇਸੀ ਖੇਡਾਂ, ਰੱਸਾ-ਕੱਸੀ, ਮੁਗਦਰ ਚੁੱਕਣਾ, ਦੇਸੀ ਘੋਲ ਤੇ ਬਾਜ਼ੀ, ਮਲਵਈ ਗਿੱਧੇ, ਨਾਰਥਜੋਨ ਕਲਚਰ ਦੀਆਂ ਟੀਮਾਂ ਦੀ ਪੇਸ਼ਕਾਰੀ ਤੋਂ ਇਲਾਵਾ ਖੁੱਲ੍ਹਾ ਪੰਜਾਬੀ ਅਖਾੜਾ ਦਰਸ਼ਕਾਂ ਲਈ ਵਿਸ਼ੇਸ਼ ਖਿੱਚ ਦਾ ਕੇਂਦਰ ਹੋਵੇਗਾ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੋਂ ਇਲਾਵਾ ਮਾਲਵਾ ਹੈਰੀਟੇਜ਼ ਅਤੇ ਸੱਭਿਆਚਾਰਕ ਫਾਊਂਡੇਸ਼ਨ ਵਲੋਂ ਸ਼੍ਰੀ ਇੰਦਰਜੀਤ ਸਿੰਘ, ਚੇਅਰਮੈਨ ਮੇਲਾ ਕਮੇਟੀ ਸ੍ਰੀ ਚਮਕੌਰ ਮਾਨ, ਸ਼੍ਰੀ ਗੁਰਅਵਤਾਰ ਸਿੰਘ ਗੋਗੀ, ਸ਼੍ਰੀ ਰਾਮ ਪ੍ਰਕਾਸ਼ ਜਿੰਦਲ, ਸ਼੍ਰੀ ਗੁਰਮੀਤ ਸਿੰਘ ਸਿੱਧੂ ਆਦਿ ਨੁਮਾਇੰਦੇ ਹਾਜ਼ਰ ਸਨ।

**ਅਗਾਊਂ ਤਿਆਰੀਆਂ ਸਬੰਧੀ ਮਾਲਵਾ ਹੈਰੀਟੇਜ਼ ਤੇ ਸੱਭਿਆਚਾਰਕ ਫਾਊਂਡੇਸ਼ਨ ਤੇ ਅਧਿਕਾਰੀਆਂ ਨਾਲ ਕੀਤੀ ਬੈਠਕ**

# ਫ਼ੀਲਡ ਪੱਤਰਕਾਰ ਐਸੋਸ਼ੀਏਸ਼ਨ ਸਬ ਡਵੀਜ਼ਨ ਬਾਬਾ ਬਕਾਲਾ ਸਾਹਿਬ ਵੱਲੋਂ ਨਵੇਂ ਵਰੇ ਦੀ ਡਾਇਰੀ ਰਿਲੀਜ਼



**ਚੌਕ ਮਹਿਤਾ 19 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )** -ਅੱਜ ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ ਬਾਬਾ ਬਕਾਲਾ ਸਾਹਿਬ ਵਿਖੇ ਫ਼ੀਲਡ ਪੱਤਰਕਾਰ ਐਸੋਸ਼ੀਏਸ਼ਨ ਸਬ ਡਵੀਜ਼ਨ ਬਾਬਾ ਬਕਾਲਾ ਸਾਹਿਬ ਵੱਲੋਂ ਫ਼ੀਲਡ ਪੱਤਰਕਾਰ ਐਸੋਸ਼ੀਏਸ਼ਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ ਅਗਵਾਈ ਹੇਠ ਹੋਈ ਵਿਸ਼ੇਸ਼ ਮੀਟਿੰਗ ਦੌਰਾਨ ਫ਼ੀਲਡ ਪੱਤਰਕਾਰ ਐਸੋਸ਼ੀਏਸ਼ਨ ਸਬ ਡਵੀਜ਼ਨ ਬਾਬਾ ਬਕਾਲਾ ਸਾਹਿਬ ਵੱਲੋਂ ਨਵੇਂ ਵਰੇ ਦੀ ਡਾਇਰੀ 2025 ਰਿਲੀਜ਼ ਕੀਤੀ ਗਈ । ਇਸਤੋਂ ਇਲਾਵਾ ਪੱਤਰਕਾਰਾਂ ਨੂੰ ਦਰਪੇਸ਼ ਮੁਸ਼ਕਲਾਂ ਤੇ ਵਿਚਾਰਾਂ ਕੀਤੀਆ ਗਈਆਂ ।

ਇਸ ਮੌਕੇ ਮਹਿਤਾ ਇਕਾਈ ਦੇ ਪ੍ਰਧਾਨ ਕੈਪਟਨ ਸਿੰਘ ਮਹਿਤਾ, ਗੁਰਪ੍ਰੀਤ ਸਿੰਘ ਬਾਬਾ ਬਕਾਲਾ, ਗੌਰਵ ਜੋਸੀ, ਪਰਮਜੀਤ ਸਿੰਘ ਰੱਖੜਾ, ਬਲਵਿੰਦਰ ਸਿੰਘ ਅਠੌਲਾ,ਜਗੀਰ ਸਿੰਘ ਸਫ਼ਰੀ, ਸਕੱਤਰ ਸਿੰਘ ਪੁਰੇਵਾਲ, ਧਰਮਿੰਦਰ ਸਿੰਘ ਭੰਮਰਾ, ਸੁਖਵਿੰਦਰ ਸਿੰਘ ਚਾਹਲ, ਸੁਸ਼ੀਲ ਅਰੋੜਾ, ਕਮਲਦੀਪ ਸਿੰਘ ਹੈਪੀ, ਰਣਜੀਤ ਸਿੰਘ ਕੰਗ, ਬਾਬਾ ਸੁਖਵੰਤ ਸਿੰਘ, ਰਣਜੀਤ ਸਿੰਘ ਸੰਧੂ, ਸੁਰਜੀਤ ਸਿੰਘ ਬੁਤਾਲਾ, ਹਰਮਨਪ੍ਰੀਤ ਸਿੰਘ ਗਿੱਲ, ਸੁਖਵਿੰਦਰ ਸਿੰਘ ਗਿੱਲ, ਜਸਪਾਲ ਸਿੰਘ ਗੱਗੜਭਾਣਾ, ਦਿਲਰਾਜ ਸਿੰਘ ਦਰਦੀ , ਰਾਜਦੀਪ ਸਿੰਘ ਮਹਿਤਾ, ਸਤਨਾਮ ਸਿੰਘ ਨੌਰੰਗਾਬਾਦੀ, ਗੁਰਮੁੱਖ ਸਿੰਘ ਪੱਡਾ, ਨਿਰਮਲ ਸਿੰਘ ਸੰਘਾ, ਜੱਗਾ ਸਿੰਘ ਖ਼ਾਨਪੁਰ ਆਦਿ ਪੱਤਰਕਾਰ ਹਾਜ਼ਰ ਸਨ।

# ਸ਼੍ਰੋਮਣੀ ਭਗਤ ਰਵਿਦਾਸ ਦੇ ਜਨਮ ਦਿਹਾੜੇ ਨੂੰ ਸਮਰਪਿਤ ਸਮਾਗਮ ਕਰਵਾਇਆ




**ਚੌਕ ਮਹਿਤਾ, 18 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਰੋਮਨੀ ਭਗਤ ਰਵਿਦਾਸ ਜੀ ਦੇ ਪਵਿੱਤਰ ਪਾਵਨ ਜਨਮ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਹਰਿਗੋਬਿੰਦ ਸਾਹਿਬ ਅਲਗੇਲ ਡੁਬੱਈ ਵਿੱਖੇ ਮਨਾਇਆ ਗਿਆ, ਜਿਸ ਦੌਰਾਨ ਕਨੂੰਜ ਟਰਾਂਸਪੋਰਟ ਵੱਲੋਂ ਗੁਰਮੱਤ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਹਜੂਰੀ ਰਾਗੀ ਭਾਈ ਮਨਦੀਪ ਸਿੰਘ ਰਮਦਾਸ ਅਤੇ ਸਿੱਖ ਪੰਥ ਦੇ ਬਹੁਤ ਵਿਦਵਾਨ ਗਿਆਨੀ ਸੁਖਮਨਜੀਤ ਸਿੰਘ ਬੰਡਾਲਾ ਨੇ ਗੁਰਮੱਤ ਵਿਚਾਰਾਂ ਦੀ ਸਾਂਝ ਪਾਈ ਇਸ ਮੌਕੇ ਤੇ ਭਾਈ ਸਾਗਰ ਸਿੰਘ ਹੈਡ ਗ੍ਰੰਥੀ ਭਾਈ ਗੁਰਜੋਤ ਸਿੰਘ, ਭਾਈ ਅੰਮ੍ਰਿਤਪਾਲ ਸਿੰਘ, ਭਾਈ ਜਸਪ੍ਰੀਤ ਸਿੰਘ ਦਕੋਹਾ, ਭਾਈ ਗੁਰਜੋਤ ਸਿੰਘ ਰੂਬਲ, ਭਾਈ ਅੰਤਰਪਰੀਤ ਸਿੰਘ ਅਤੇ ਟਰਾਸਪੋਰਟ ਮਾਲਕ ਜਗਰੂਪ ਸਿੰਘ ਆਦਿ ਹਾਜ਼ਰ ਸਨ।

# ਮਾਨ ਸਰਕਾਰ ਦੀ ਬਦੌਲਤ ਪੰਜਾਬ ਤਰੱਕੀ ਦੀਆਂ ਲੀਹਾਂ ਤੇ ਬਸੰਤ ਕੁਮਾਰ ਕਾਂਝਲਾ



**ਧੂਰੀ ( ਰਣਜੀਤ ਸਿੰਘ ਪੇਧਨੀ)**-ਧੂਰੀ ਸ਼ਹਿਰ ਅੰਦਰ ਪਿਛਲੇ ਸਮੇਂ ਤੋਂ ਚੋਰੀਆਂ, ਲੁੱਟਾ ਖੋਹਾ ਦਾ ਸਿਲਸਿਲਾ ਦਿਨੋ ਦਿਨ ਵੱਧਦਾ ਜਾ ਰਿਹਾ ਹੈ। ਪਿਛਲੇ ਦਿਨੀ ਵਪਾਰ ਮੰਡਲ ਵੱਲੋਂ ਧੂਰੀ ਥਾਣੇ ਅੱਗੇ ਰੋਸ ਪ੍ਰਦਰਸ਼ਨ ਕੀਤਾ ਗਿਆ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅਪੀਲ ਕਰਦਿਆ ਆਪ ਆਗੂ ਬਸੰਤ ਕੁਮਾਰ ਕਾਂਝਲਾ ਨੇ ਕਿਹਾ ਕਿ ਧੂਰੀ ਹਲਕੇ ਵਿੱਚ ਹੋ ਰਹੀਆਂ ਵਾਰਦਾਤਾਂ ਤੋਂ ਛੁਟਕਾਰਾ ਦਿਵਾਉਣ ਲਈ ਮੁੱਖ ਮੰਤਰੀ ਭਗਵੰਤ ਮਾਨ ਪੁਲਿਸ ਮੁਲਾਜ਼ਮਾਂ ਦੀ ਤੈਨਾਤੀ ਨੂੰ ਵਧਾ ਕੇ ਭੇਜਣ ਤਾ ਧੂਰੀ ਵਿੱਚ ਹੋ ਰਹੀਆਂ ਵਾਰਦਾਤਾਂ ਨੂੰ ਠੱਲ ਪਾਈ ਜਾ ਸਕੇ। ਉਨ੍ਹਾਂ ਕਿਹਾ ਕਿ ਜਦੋਂ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਉਸ ਦਿਨ ਤੋਂ ਲੈ ਕੇ ਪੰਜਾਬ ਤਰੱਕੀ ਦੀਆਂ ਬੁਲੰਦੀਆਂ ਨੂੰ ਛੂਹ ਰਿਹਾ ਹੈ।

### ਕੈਨੇਡਾ ਦੇ ਸਮੂਹ ਭਾਰਤੀ ਕੌਂਸਲੇਟ ਨੂੰ ਬੰਦ ਕਰਨ ਅਤੇ

# ਭਾਰਤੀ ਰਾਜਦੂਤਾਂ ਨੂੰ ਕੈਨੇਡਾ ਲਿਆ ਕੇ ਕਟਹਿਰੇ ਵਿੱਚ ਖੜਾ ਕਰਨ ਦੀ ਮੰਗ




**ਨਵੀਂ ਦਿੱਲੀ 19 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਕੌਮ ਦੇ ਮਹਾਨ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਜਿੰਨਾਂ ਨੂੰ ਸਰੀ ਕੈਨੇਡਾ ਦੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੀ ਪਾਰਕਿੰਗ ਵਿੱਚ ਗੋਲੀਆਂ ਮਾਰ ਕੇ ਸ਼ਹੀਦ ਕੀਤਾ ਗਿਆ ਸੀ, ਉਹਨਾਂ ਦੀ ਸ਼ਹਾਦਤ ਨੂੰ ਸਮਰਪਿਤ ਹਰ ਮਹੀਨੇ ਦੀ 18 ਤਰੀਕ ਨੂੰ ਵੈਨਕੂਵਰ ਵਿਖੇ ਭਾਰਤੀ ਅੰਬੈਸੀ ਵਿਖੇ ਭਾਰੀ ਰੋਸ-ਮੁਜਾਰਾ ਕੀਤਾ ਜਾਂਦਾ ਹੈ ।ਬੀਤੇ ਦਿਨ ਜਦੋਂ ਭਾਈ ਨਿੱਝਰ ਦੀ ਸ਼ਹੀਦੀ ਨੂੰ 600 ਦਿਨ ਪੂਰੇ ਹੋਏ, ਉਸ ਨੂੰ ਸਮਰਪਿਤ ਕੈਨੇਡਾ ਦੀਆਂ ਸਿੱਖ-ਸੰਗਤਾਂ ਵੱਲੋਂ ਭਾਰਤੀ ਐੱਬੇਸੀ ਮੂਹਰੇ ਭਾਰੀ ਰੋਸ-ਪ੍ਰਦਰਸ਼ਨ ਕੀਤਾ ਗਿਆ ਜਿਸ ਦੌਰਾਨ ਖਾਲਸਾਈ ਨਾਅਰਿਆਂ ਨਾਲ ਗੂੰਜਾਂ ਪਾਈਆਂ ਗਈਆਂ । ਇਸ ਰੋਸ ਮੁਜਾਹਿਰੇ ਵਿਚ ਪ੍ਰਬੰਧਕਾਂ ਅਤੇ ਸੰਗਤਾਂ ਵਲੋਂ ਭਾਰਤੀ ਕੌਂਸਲੇਟ ਨੂੰ ਬੰਦ ਕਰਨ ਅਤੇ ਭਾਰਤੀ ਰਾਜਦੂਤ ਜੋ ਕਿ ਭਾਈ ਹਰਦੀਪ ਸਿੰਘ ਨਿਝਰ ਦੀ ਸ਼ਹਾਦਤ ਵਿੱਚ ਸ਼ਾਮਲ ਅਤੇ ਭਗੌੜੇ ਹਨ ਉਹਨਾਂ ਨੂੰ ਕੈਨੇਡਾ ਲਿਆ ਕੇ ਕਟਹਿਰੇ ਵਿੱਚ ਖੜੇ ਕਰਨ ਦੀ ਮੰਗ ਵੀ ਜ਼ੋਰਾਂ ਤੇ ਕੀਤੀ ਗਈ ।

**ਭਾਈ ਹਰਦੀਪ ਸਿੰਘ ਜੀ ਨਿੱਝਰ ਦੀ ਸ਼ਹਾਦਤ ਨੂੰ ਪੂਰੇ ਹੋਏ 600 ਦਿਨ, ਭਾਰਤੀ ਐੱਬੇਸੀ ਮੂਹਰੇ ਜ਼ੋਰਦਾਰ ਰੋਸ ਪ੍ਰਦਰਸ਼ਨ**

ਖਾਲਸਾ ਰਾਜ ਦੀ ਵਕਾਲਤ ਕਰਨ ਵਾਲੀ ਜਥੇਬੰਦੀ "ਐਸਐਫਜੇ " ਨੇ ਇਹ ਖ਼ਦਸ਼ਾ ਵੀ ਜਤਾਇਆ ਕਿ ਉਹ ਕਿਹੜੇ ਅਹਿਜੇ ਕਾਰਨ ਹਨ ਜਿਸ ਕਰਕੇ ਅਜੇ ਤੱਕ ਭਾਰਤੀ ਰਾਜਦੂਤਾਂ ਨੂੰ ਕੈਨੇਡਾ ਨਹੀਂ ਲਿਆਂਦਾ ਗਿਆ ਅਤੇ ਨਾਲ-ਨਾਲ ਉਹਨਾਂ ਨੇ ਸਰਕਾਰ ਨੂੰ ਹੋਰ ਠੋਸ ਅਤੇ ਸਖ਼ਤ ਕਦਮ ਚੁੱਕਣ ਲਈ ਕਿਹਾ ਅਤੇ ਕਿਹਾ ਕਿ ਇਨਸਾਫ਼ ਨਾ ਮਿਲਣ ਤੱਕ ਸੰਘਰਸ਼ ਜਾਰੀ ਰੱਖਣਗੇ ।ਇਸ ਰੋਸ ਮੁਜਾਹਿਰੇ ਵਿਚ ਗੁਰੂ ਘਰ ਦੇ ਪ੍ਰਬੰਧਕ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਨਰਿੰਦਰ ਸਿੰਘ ਖਾਲਸਾ, ਭਾਈ ਅਜੇਪਾਲ ਸਿੰਘ ਅਤੇ ਭਾਈ ਹਰਪਾਲ ਸਿੰਘ ਬੁੱਟਰ ਦੇ ਨਾਲ ਵਡੀ ਗਿਣਤੀ ਅੰਦਰ ਸੰਗਤਾਂ ਵੀ ਸ਼ਾਮਲ ਸਨ ।

### ਲੋਕਾਂ 'ਚ ਪ੍ਰਾਪਤੀਆਂ ਗਿਣਵਾਉਣ ਵਾਲੀ ਸਰਕਾਰ ਪੱਕੇ ਕਰਨ ਦੀ ਥਾਂ ਤਨਖਾਹਾਂ ਤੇ ਡਾਕਾ ਮਾਰਨ ਤੇ ਆਈ

# 20 ਨੂੰ ਕੈਬਨਿਟ ਸਬ ਕਮੇਟੀ ਦੀ ਮੀਟਿੰਗ ਵਿੱਚ ਮੰਗਾਂ ਦਾ ਹੱਲ ਨਾਂ ਹੋਣ 'ਤੇ 21 ਫ਼ਰਵਰੀ ਨੂੰ ਦਫ਼ਤਰੀ ਮੁਲਾਜ਼ਮ ਕਰਨਗੇ ਸਿੱਖਿਆ ਵਿਭਾਗ ਦਾ ਘਿਰਾਓ




ਜਲੰਧਰ, 19 ਫਰਵਰੀ (ਆਵਾਜ਼ਿ ਕੌਮ ਬਿਊਰੋ)- ਮੁੱਖ ਮੰਤਰੀ ਅਤੇ ਕੈਬਨਿਟ ਸਬ ਕਮੇਟੀ ਵੱਲੋਂ ਵਾਰ ਵਾਰ ਸੂਬੇ ਦੀ ਅਫ਼ਸਰਸ਼ਾਹੀ ਨੂੰ ਹੁਕਮ ਕਰਨ ਦੇ ਬਾਵਜੂਦ ਵੀ ਮੁਲਾਜ਼ਮਾਂ ਦੇ ਮਸਲੇ ਹੱਲ ਨਾ ਹੋਣ ਦੇ ਰੋਸ ਵਜੋਂ ਦਫ਼ਤਰੀ ਕਾਮਿਆਂ ਵੱਲੋਂ 21 ਫਰਵਰੀ ਨੂੰ ਸਿੱਖਿਆ ਭਵਨ ਦਾ ਘਿਰਾਓ ਕਰਨ ਦੇ ਨਾਲ ਗੇਟ ਬੰਦ ਕਰਕੇ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕਰ ਦਿੱਤਾ ਹੈ। ਵਿੱਤ ਮੰਤਰੀ ਹਰਪਾਲ ਚੀਮਾ ਵੱਲੋਂ ਕ੍ਰਮਵਾਰ 14 ਮਾਰਚ 2024, 06 ਨਵੰਬਰ 2024, 09 ਦਸੰਬਰ 2024 ਅਤੇ 26 ਦਸੰਬਰ 2024 ਨੂੰ ਹੋਈਆਂ ਮੀਟਿੰਗਾਂ ਵਿੱਚ ਮੰਗਾਂ ਨੂੰ ਤੁਰੰਤ ਨਿਬੇੜਨ ਦੇ ਆਦੇਸ਼ ਦਿੱਤੇ ਪਰ ਅੱਜ ਤੱਕ ਮੰਗਾਂ ਦੀ ਸਥਿਤੀ ਜਿਓ ਦੀ ਤਿਓ ਬਣੀ ਹੋਈ ਹੈ। ਆਗੂਆਂ ਨੇ ਕਿਹਾ ਕਿ ਇਕ ਪਾਸੇ ਪੰਜਾਬ ਸਰਕਾਰ ਮੁਲਾਜ਼ਮਾਂ ਨਾਲ ਮੀਟਿੰਗਾਂ ਕਰਕੇ ਮੁਲਾਜ਼ਮਾਂ ਦੇ ਮਸਲੇ ਨਿਬੇੜਣ ਦੇ ਯਤਨ ਚ ਹੈ ਪਰ ਦੂਜੇ ਪਾਸੇ ਅਫਸਰਸ਼ਾਹੀ ਮੁਲਾਜ਼ਮਾਂ ਦਾ ਸੋਸ਼ਣ ਕਰਨ ਤੇ ਉਤਾਰੂ ਹੈ। ਮੁਲਾਜ਼ਮਾਂ ਦੀ 14 ਜਨਵਰੀ ਨੂੰ ਵਿਭਾਗ ਨਾਲ ਹੋਈ ਮੀਟਿੰਗ ਵਿੱਚ ਇਸ ਗੱਲ ਤੇ ਸਹਿਮਤੀ ਬਣੀ ਸੀ ਕਿ ਹੜਤਾਲ ਦੇ ਸਮੇਂ ਦਾ ਪੈਂਡਿੰਗ ਪਿਆ ਸਾਰਾ ਕੰਮ ਕਰਨ ਦੀ ਸੂਰਤ ਵਿੱਚ ਵਿਭਾਗ ਵਲੋਂ ਮੁਲਾਜ਼ਮਾਂ ਦੀਆਂ ਪੂਰੀਆਂ ਤਨਖਾਹਾਂ ਜਾਰੀ ਕਰ ਦਿੱਤੀਆਂ ਜਾਣਗੀਆਂ। ਮੁਲਾਜ਼ਮਾਂ ਵਲੋਂ ਦਿਨ ਰਾਤ ਇੱਕ ਕਰਕੇ ਅਪਣੇ ਪੈਂਡਿੰਗ ਪਏ ਸਾਰੇ ਕੰਮ ਕਰ ਦਿੱਤੇ ਗਏ ਹਨ ਪਰ ਹੁਣ ਅਫਸਰਸ਼ਾਹੀ ਵੱਲੋਂ ਦਸੰਬਰ ਅਤੇ ਜਨਵਰੀ ਮਹੀਨੇ ਦੀ ਤਨਖਾਹ ਤੇ ਕੱਟ ਲਗਾ ਦਿੱਤਾ ਗਿਆ ਹੈ ਤੇ ਦਸੰਬਰ ਮਹੀਨੇ ਦੀ ਕੇਵਲ 3 ਦਿਨ ਤੇ ਜਨਵਰੀ ਮਹੀਨੇ ਦੀ ਤਕਰੀਬਨ 16 ਦਿਨ ਦੀ ਹੀ ਤਨਖਾਹ ਜਾਰੀ ਕੀਤੀ ਗਈ ਹੈ ਜੋ ਕਿ ਸ਼ੋਸ਼ਣ ਦੀ ਮੂੰਹ ਬੋਲਦੀ ਤਸਵੀਰ ਹੈ। ਜਿਸ ਕਰਕੇ ਮੁਲਾਜ਼ਮਾਂ ਵਿਚ ਰੋਸ ਵੱਧ ਗਿਆ ਹੈ ਅਤੇ ਦਫ਼ਤਰੀ ਕਾਮੇ ਮੁੜ ਸੰਘਰਸ਼ ਤੇ ਰਾਹ ਤੇ ਪੈਣ ਲਈ ਮਜਬੂਰ ਹੋ ਗਏ ਹਨ । ਪ੍ਰੈਸ ਬਿਆਨ ਜ਼ਾਰੀ ਕਰਦੇ ਹੋਏ ਸਰਵ ਸਿੱਖਿਆ ਅਭਿਆਨ ਮਿਡ ਡੇ ਮੀਲ ਦਫਤਰੀ ਕਰਮਚਾਰੀ ਯੂਨੀਅਨ ਦੇ ਆਗੂਆਂ ਕੁਲਦੀਪ, ਜਗਮੋਹਨ, ਚਮਕੌਰ,ਪ੍ਰਵੀਨ ਸ਼ਰਮਾ, ਸ਼ੋਭਿਤ ਭਗਤ, ਗਗਨਦੀਪ ਸ਼ਰਮਾ, ਰਾਜੀਵ ਸ਼ਰਮਾ ਨੇ ਐਲਾਨ ਕੀਤਾ ਕਿ ਸਰਕਾਰ ਹਮੇਸ਼ਾ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਸੰਜੀਦਾ ਹੋਣ ਦਾ ਦਾਅਵਾ ਕਰਦੀ ਹੈ ਪਰ ਕਿਤੇ ਨਾ ਕਿਤੇ ਅਫ਼ਸਰਸ਼ਾਹੀ ਵੱਲੋਂ ਮਸਲਿਆਂ ਨੂੰ ਉਲਝਾਇਆ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਜਦੋਂ ਸਰਕਾਰ ਬਣੀ ਸੀ ਤਾਂ ਸਰਕਾਰ ਦਾ ਏਜੰਡਾ ਸੀ ਕਿ ਮੁਲਾਜ਼ਮਾਂ ਨੂੰ ਪਹਿਲ ਦੇ ਅਧਾਰ ਤੇ ਪੱਕਾ ਕੀਤਾ ਜਾਏਗਾ। ਸਰਕਾਰ ਦੇ ਕਾਰਜਕਾਲ ਨੂੰ ਤਕਰੀਬਨ 3 ਸਾਲ ਦਾ ਸਮਾਂ ਲੰਘ ਚੁੱਕਿਆ ਹੈ ਪਰ ਅਜੇ ਵੀ ਦਫ਼ਤਰੀ ਕਾਮਿਆਂ ਨੂੰ ਪੱਕਾ ਕਰਨ ਸਬੰਧੀ ਕੋਈ ਵੀ ਠੋਸ ਫੈਸਲਾ ਨਹੀਂ ਲਿਆ ਜਾ ਰਿਹਾ ਜਿਸ ਕਰਕੇ ਮੁਲਾਜ਼ਮਾਂ ਵਿੱਚ ਬਹੁਤ ਰੋਸ ਪਾਇਆ ਜਾ ਰਿਹਾ ਹੈ। ਮੁਲਾਜ਼ਮ ਆਗੂਆਂ ਨੇ ਕਿਹਾ ਕਿ ਜੇਕਰ 20 ਫ਼ਰਵਰੀ ਨੂੰ ਕੈਬਨਿਟ ਸਬ ਕਮੇਟੀ ਦੀ ਮੀਟਿੰਗ ਵਿੱਚ ਮੰਗਾਂ ਦਾ ਹੱਲ ਨਹੀਂ ਹੁੰਦਾ ਤਾਂ ਮੰਗਾਂ ਪ੍ਰਤੀ ਲਗਾਤਾਰ ਅਪਣਾਈ ਜਾ ਰਹੀ ਟਾਲਮਟੋਲ ਦੀ ਨੀਤੀ ਵਿਰੁੱਧ ਮੁਲਾਜ਼ਮ 21 ਫਰਵਰੀ ਨੂੰ ਸਿੱਖਿਆ ਭਵਨ ਮੋਹਾਲੀ ਦੇ ਗੇਟ ਬੰਦ ਕਰਕੇ ਮਸਲੇ ਹੱਲ ਹੋਣ ਤੱਕ ਦਿਨ ਰਾਤ ਉੱਥੇ ਹੀ ਬੈਠਣਗੇ ਅਤੇ ਗੁਪਤ ਐਕਸ਼ਨ ਕਰਨ ਲਈ ਮਜਬੂਰ ਹੋਣਗੇ।

# ਪਿੰਡ ਹਸਨਪੁਰ ਵਿਖੇ ਗਰੀਬੀ ਰੇਖਾ ਤੋਂ ਹੇਠਾਂ ਰਹਿ ਰਹੇ ਲੋਕਾਂ ਦੇ ਕੱਚੇ ਘਰਾਂ ਦੇ ਫਾਰਮ ਭਰੇ ਗਏ



**ਸੇਰਪੁਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਹਸਨਪੁਰ ਵਿਖੇ ਪਿੰਡ ਦੇ ਸਰਪੰਚ ਰਵਿੰਦਰ ਕੁਮਾਰ ਰਿੰਕਾ ਦੀ ਅਗਵਾਈ ਹੇਠ ਗਰੀਬੀ ਰੇਖਾ ਤੋਂ ਹੇਠਾਂ ਰਹਿ ਰਹੇ ਲੋਕਾਂ ਦੀ ਕੱਚੇ ਘਰਾਂ ਦੇ ਫਾਰਮ ਭਰੇ ਗਏ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸਰਪੰਚ ਰਵਿੰਦਰ ਕੁਮਾਰ ਰਿੰਕਾ ਅਤੇ ਆਪ ਆਗੂ ਕੁਲਵਿੰਦਰ ਸਿੰਘ ਸਿੱਧੂ ਬੌਂਗੜ ਨੇ ਕਿਹਾ ਕਿ ਸਾਨੂੰ ਪਿੰਡ ਦੇ ਲੋਕਾਂ ਨੇ ਬੜਾ ਪਿਆਰ ਦਿੱਤਾ ਹੈ ਅਸੀਂਅਸੀਂ ਉਸ ਦੇ ਸਦਾ ਹੀ ਰਿਣੀ ਰਹਾਂਗੇ ਅਤੇ ਪਿੰਡ ਦੇ ਲਈ ਜੋ ਵੀ ਸਹੂਲਤਾਂ ਸਾਡੇ ਗਰੀਬ ਲੋਕਾਂ ਦੇ ਲਈ ਆਉਣਗੀਆਂ ਅਸੀਂ ਉਹਨਾਂ ਨੂੰ ਲੋਕਾਂ ਤੱਕ ਪਹੁੰਚਾ ਕੇ ਉਨ੍ਹਾਂ ਨੂੰ ਸਰਕਾਰ ਦੀ ਹਰ ਸਹੂਲਤ ਦਾ ਫਾਇਦਾ ਪਹੁੰਚਾਉਣ ਲਈ ਪੂਰੀ ਕੋਸ਼ਿਸ਼ ਕਰਾਗੇ। ਉਹਨਾਂ ਕਿਹਾ ਕਿ ਅਸੀਂ ਆਉਣ ਵਾਲੇ ਪੰਜ ਸਾਲਾਂ ਵਿੱਚ ਇਲਾਕੇ ਚੋ ਨਮੂਨੇ ਦਾ ਪਿੰਡ ਬਣਾ ਕੇ ਇਤਿਹਾਸ ਸਿਰਜਣ ਦੀ ਕੋਸ਼ਿਸ਼ ਕਰਾਂਗੇ। ਇਸ ਮੌਕੇ ਗ੍ਰਾਮ ਪੰਚਾਇਤ ਨਗਰ ਨਿਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਚੇਅਰਮੈਨ ਘੁੱਲੀ ਨੇ ਜਹਾਂਗੀਰ ਵਿਕਾਸ ਕਾਰਜਾਂ ਦਾ ਜਾਇਜਾ ਲਿਆ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਧੂਰੀ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੇ ਕੰਮਾਂ ਦਾ ਜਾਇਜਾ ਲਿਆ ਗਿਆ ਜਿਸ ਦੇ ਚਲਦਿਆਂ ਪਿੰਡ ਜਹਾਂਗੀਰ ਵਿਖੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜਾ ਲਿਆ ਅਤੇ ਸੜਕ ਦਾ ਉਦਘਾਟਨ ਮੁੱਖ ਮੰਤਰੀ ਕੈਂਪਸ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਅਤੇ ਆਪ ਆਗੂ ਪਰਮਜੀਤ ਸਿੰਘ ਕਾਂਝਲਾ ਨੇ ਸਾਂਝੇ ਤੌਰ ਤੇ ਕੀਤਾ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਘੁੱਲੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਧੂਰੀ ਹਲਕੇ ਦੇ ਵਿਕਾਸ ਕਾਰਜਾਂ ਦੇ ਕੰਮਾਂ ਲਈ ਦਿਲ ਖੋਲ ਕੇ ਗਰਾਂਟਾਂ ਦੇ ਗੱਫੇ ਦੇ ਰਹੇ ਹਨ। ਉਹਨਾਂ ਕਿਹਾ ਕਿ ਜਦੋਂ ਤੋਂ ਪੰਜਾਬ ਵਿੱਚ ਮਾਨ ਸਰਕਾਰ ਬਣੀ ਹੈ ਉਸ ਦਿਨ ਤੋਂ ਲੈ ਕੇ ਅੱਜ ਤੱਕ ਪਿੰਡਾਂ ਦੇ ਵਿੱਚ ਵਿਕਾਸ ਕਾਰਜਾਂ ਦੇ ਕੰਮ ਲਗਾਤਾਰ ਚੱਲ ਰਹੇ ਹਨ । ਇਸ ਮੌਕੇ ਸਰਪੰਚ ਮਨਪ੍ਰੀਤ ਸਿੰਘ ਗ੍ਰਾਮ ਪੰਚਾਇਤ ਮੈਂਬਰ ਸਹਿਬਾਨ ਅਤੇ ਨਗਰ ਨਿਵਾਸੀ ਹਾਜ਼ਰ ਸਨ।

# ਨਿਰਭੈ ਸਿੰਘ ਰਣੀਕੇ ਨੇ ਸੋਨੀ ਮੰਡੇਰ ਨੂੰ ਆੜਤੀਆ ਐਸੋਸੀਏਸਨ ਦੇ ਪ੍ਰਧਾਨ ਬਣਨ ਤੇ ਦਿੱਤੀ ਮੁਬਾਰਕਬਾਦ



ਧੂਰੀ ( ਰਣਜੀਤ ਸਿੰਘ ਪੇਧਨੀ ) ਆੜਤੀਆ ਐਸੋਸੀਏਸ਼ਨ ਧੂਰੀ ਦੀ ਪ੍ਰਧਾਨਗੀ ਦੀ ਹੋਈ ਚੋਣ ਦੌਰਾਨ ਧੂਰੀ ਇਲਾਕੇ ਦੇ ਉੱਘੇ ਸਮਾਜ ਸੇਵੀ ਜਤਿੰਦਰ ਸਿੰਘ ਸੋਨੀ ਮੰਡੇਰ ਸਿੱਧੇ ਮੁਕਾਬਲੇ ਚ ਆਪਣੇ ਵਿਰੋਧੀ ਕਾਮਰੇਡ ਜਗਤਾਰ ਸਿੰਘ ਨੂੰ ਸਮਰਾ ਨੂੰ 8 ਵੋਟਾਂ ਦੇ ਫਰਕ ਨਾਲ ਹਰਾਕੇ ਪ੍ਰਧਾਨਗੀ ਦੀ ਚੋਣ 'ਚ ਜੇਤੂ ਰਹੇ। ਇਸ ਮੌਕੇ ਉੱਘੇ ਸਮਾਜ ਸੇਵੀ ਜਤਿੰਦਰ ਸਿੰਘ ਸੋਨੀ ਮੰਡੇਰ ਨੂੰ ਆੜਤੀਆ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਬਣਨ ਤੇ ਮੁਬਾਰਕਵਾਦ ਦਿੰਦਿਆਂ ਸਮਾਜ ਸੇਵੀ ਨਿਰਭੈ ਸਿੰਘ ਰਣੀਕੇ ਕੈਨੇਡਾ ਨੇ ਕਿਹਾ ਕਿ ਬਾਈ ਸੋਨੀ ਮੰਡੇਰ ਜੀ ਪਿਛਲੇ ਲੰਮੇ ਸਮੇਂ ਤੋਂ ਧੂਰੀ ਇਲਾਕੇ ਦੇ ਵਿੱਚ ਸਮਾਜ ਸੇਵਾ ਵਜੋਂ ਜਾਣੇ ਜਾਂਦੇ ਹਨ। ਉਹ ਧੂਰੀ ਵਿਚ ਹੋਣ ਵਾਲੇ ਹਰ ਪਰੋਗਰਾਮ ਵਿੱਚ ਵਧ ਚੜ ਕੇ ਹਿੱਸਾ ਲੈਂਦੇ ਹਨ ,ਉਨ੍ਹਾਂ ਨੂੰ ਗਰੀਬ ਅਤੇ ਲੋੜਵੰਦ ਲੋਕਾਂ ਦੀ ਮਦਦ ਕਰਕੇ ਮਨ ਨੂੰ ਸਕੂਨ ਮਿਲਦਾ ਹੈ। ਉਨ੍ਹਾਂ ਕਿਹਾ ਕਿ ਅਸੀਂ ਜਿੱਥੇ ਬਾਈ ਸੋਨੀ ਮੰਡੇਰ ਨੂੰ ਆੜਤੀਆ ਐਸੋਸੀਏਸਨ ਦੇ ਪ੍ਰਧਾਨ ਬਣਨ ਤੇ ਮੁਬਾਰਕਵਾਦ ਦਿੰਦੇ ਹਾ ਉੱਥੇ ਹੀ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਪਰਮਾਤਮਾ ਬਾਈ ਸੋਨੀ ਮੰਡੇਰ ਨੂੰ ਦਿਨ ਦੁੱਗਣੀ ਰਾਤ ਚੌਗਣੀ ਤਰੱਕੀ ਬਖਸ਼ੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਖਾਈ ਫੇਮੇਕੀ ਵਿਖੇ

# ਸਲਾਨਾ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ : ਸੰਤ ਬਾਬਾ ਅਜੀਤਪਾਲ ਸਿੰਘ ਪਾਲੀ



ਫ਼ਿਰੋਜ਼ਪੁਰ, 19 ਫਰਵਰੀ (ਮਨੋਹਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਖਾਈ ਫੇਮੇਕੀ ਵਿਖੇ ਧੰਨ—ਧੰਨ ਸੰਤ ਬਾਬਾ ਕੁੰਦਨ ਸਿੰਘ ਜੀ ਨਾਨਕਸਰ ਕਲੇਰਾਂ ਵਾਲੇ ਧੰਨ—ਧੰਨ ਸੰਤ ਬਾਬਾ ਪਿਆਰਾ ਸਿੰਘ ਜੀ ਢਾਬਸਰ ਵਾਲਿਆਂ ਦੀ ਮਿੱਠੀ ਯਾਦ ਨੂੰ ਸਮਰਪਿਤ 22 ਫਰਵਰੀ ਦਿਨ ਸ਼ਨੀਵਾਰ (11 ਫੱਗਣ) ਨੂੰ ਅਤੇ 23 ਫਰਵਰੀ 2025 ਦਿਨ ਐਤਵਾਰ ਨੂੰ ਸਲਾਨਾ ਮਹਾਨ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਇਹ ਜਾਣਕਾਰੀ ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਖਾਈ ਫੇਮੇਕੀ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਅਜੀਤ ਪਾਲ ਸਿੰਘ ਪਾਲੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਧੰਨ—ਧੰਨ ਸੰਤ ਬਾਬਾ ਕੁੰਦਨ ਸਿੰਘ ਜੀ ਨਾਨਕਸਰ ਕਲੇਰਾਂ ਵਾਲੇ, ਧੰਨ—ਧੰਨ ਬਾਬਾ ਪਿਆਰਾ ਸਿੰਘ ਢਾਬਸਰ ਵਾਲਿਆਂ ਦੀ ਮਿੱਠੀ ਯਾਦ ਨੂੰ ਸਮਰਪਿਤ ਸੰਤ ਬਾਬਾ ਗੁਰਜੀਤ ਸਿੰਘ ਮੁਖੀ ਨਾਨਕਸਰ ਕਲੇਰਾਂ ਵਾਲੇ, ਸੰਤ ਗੁਰਚਰਨ ਸਿੰਘ ਨਾਨਕਸਰ ਕਲੇਰਾਂ ਵਾਲਿਆਂ ਦੀ ਸੁਚੱਜੀ ਅਗਵਾਈ ਹੇਠ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠਾਂ ਦੀ ਲੜੀ 13 ਜਨਵਰੀ 2025 (30 ਪੋਹ) ਦਿਨ ਸੋਮਵਾਰ ਤੋਂ ਆਰੰਭ ਹਨ, ਜਿਸ ਦੇ ਭੋਗ 23 ਫਰਵਰੀ ਦਿਨ ਐਤਵਾਰ 2025 ਦਿਨ ਐਤਵਾਰ ਨੂੰ ਪਾਏ ਜਾਣਗੇ। ਸ੍ਰੀਮਾਨ ਸੰਤ ਬਾਬਾ ਅਜੀਤਪਾਲ ਸਿੰਘ ਪਾਲੀ ਨੇ ਅੱਗੇ ਦੱਸਿਆ ਕਿ ਇਸੇ ਤਰ੍ਹਾਂ ਮਹਾਨ ਨਗਰ ਕੀਰਤਨ 22 ਫਰਵਰੀ ਦਿਨ ਸ਼ਨੀਵਾਰ ਨੂੰ ਸਜਾਇਆ ਜਾਵੇਗਾ, ਜੋ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਹੇਠ ਪੰਜ ਨਿਸ਼ਾਨਚੀ ਸਾਹਿਬ ਦੇ ਹੇਠ ਆਰੰਭ ਹੋਵੇਗਾ। ਜੋ ਕਿ ਠਾਠ ਨਾਨਕਸਰ ਤੋਂ ਆਰੰਭ ਹੋ ਕੇ ਪਿੰਡ ਗੋਬਿੰਦ ਨਗਰ, ਕੋਟ ਮੱਤਾ, ਬਾਲੇਵਾਲਾ, ਨਾਨਕਪੁਰਾ, ਬੁੰਗਾ, ਸੈਦੇ ਕੇ ਰਹੇਲਾ, ਢਾਨੀਆ, ਗਾਮੇਵਾਲਾ, ਸੈਦੇ ਕੇ ਰਹੇਲਾ, ਗੁਰਦੁਆਰਾ ਸ਼ਹੀਦਾਂ ਸਾਹਿਬ, ਧੀਰਾ ਪੱਤਰਾ, ਵਸਤੀ ਨੱਕੇਸ਼ਾਹ ਵਾਲੀ, ਭਾਵੜਾ ਆਜ਼ਮ ਸ਼ਾਹ, ਬਸਤੀ ਮਹਾਂ ਸਿੰਘ ਵਾਲੀ, ਫੁਲਰਵੰਨ, ਜੰਗਾਂ ਵਾਲਾ ਮੋੜ, ਸਦਰਦੀਨ, ਕਾਲਾ ਟਿੱਬੀ, ਨਿੱਕੀ ਟਿੱਬੀ, ਕੋਟ ਆਸਾ ਸਿੰਘ ਵਾਲਾ, ਪੀਰੂ ਵਾਲਾ, ਖਾਈ ਫੇਮੇਕੀ, ਦੋਨੋਂ ਗੁਰੂਦੁਆਰਾ ਸਾਹਿਬ ਤੋਂ ਹੁੰਦਾ ਹੋਇਆ ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਖਾਲੀ ਫੇਮੇਕੀ ਵਿਖੇ ਸ਼ਾਮ ਨੂੰ ਸਮਾਪਤੀ ਦੀ ਅਰਦਾਸ ਹੋਵੇਗੀ। ਬਾਬਾ ਜੀ ਨੇ ਸਮੂਹ ਇਲਾਕੇ ਭਰ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਦੋ ਦਿਨ ਗੁਰਦੁਆਰਾ ਸਾਹਿਬ ਵਿਖੇ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ, ਨਾਲ ਹੀ ਬਾਬਾ ਜੀ ਨੇ ਸਮੂਹ ਸੰਗਤ ਨੂੰ ਬੇਨਤੀ ਕੀਤੀ ਕਿ ਉਹ ਗੁਰੂ ਦੀ ਬਖਸ਼ਿਸ਼ ਕਾਰਾਂ, ਜੀਪਾਂ, ਟਰੈਕਟਰ—ਟਰਾਲੀਆਂ, ਬੱਸਾਂ ਆਦਿ ਲੈ ਕੇ ਨਗਰ ਕੀਰਤਨ ਵਿਚ ਸ਼ਾਮਲ ਹੋਣ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

### ਵਿਦੇਸ਼ੀ ਸਿੱਖ ਭਾਈਚਾਰਾ ਅਮਰੀਕਾ ਵਲੋਂ ਕੀਤੀ ਜਾ ਰਹੀ

# ਦਸਤਾਰ ਦੀ ਬੇਅਦਬੀ ਬਾਰੇ ਕਿਉਂ ਨਹੀਂ ਬੋਲ ਰਿਹਾ ?-ਮਨਜੀਤ ਸਿੰਘ ਜੀਕੇ



**ਨਵੀਂ ਦਿੱਲੀ, 19 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):** - ਮਨਜੀਤ ਸਿੰਘ ਜੀ.ਕੇ. ਨੇ ਕੈਨੇਡਾ, ਯੂ.ਕੇ. ਅਤੇ ਅਮਰੀਕਾ ਦੇ ਸਿੱਖ ਆਗੂਆਂ ਅਤੇ ਪ੍ਰਭਾਵਸ਼ਾਲੀ ਲੋਕਾਂ ਨੂੰ ਅਮਰੀਕਾ ਵਲੋਂ ਭਾਰਤ ਡਿਪੋਰਟ ਕੀਤੇ ਗਏ ਸਿੱਖਾਂ ਜਿਨ੍ਹਾਂ ਨੂੰ ਫੌਜੀ ਜਹਾਜ਼ ਵਿੱਚ ਚੜ੍ਹਨ ਤੋਂ ਪਹਿਲਾਂ ਉਨ੍ਹਾਂ ਦੀਆਂ ਪੱਗਾਂ ਲਾਹ ਦਿੱਤੀਆਂ ਗਈਆਂ ਸਨ, ਦੇ ਅਪਮਾਨ ਬਾਰੇ ਚੁੱਪ ਤੋੜਨ ਲਈ ਕਿਹਾ ਹੈ । ਜੀ.ਕੇ. ਨੇ ਸਿੱਖ ਭਾਈਚਾਰੇ ਨੂੰ ਸਿੱਖ ਸਿਆਸੀ ਸ਼ਖਸੀਅਤਾਂ ਦੀ ਚੋਣਵੀਂ ਸਰਗਰਮੀ 'ਤੇ ਸਵਾਲ ਉਠਾਉਂਦੇ ਹੋਏ, ਉਨ੍ਹਾਂ ਨੂੰ ਯਾਦ ਦਿਵਾਇਆ ਕਿ ਸਿੱਖ ਅਧਿਕਾਰ ਭੂਗੋਲ ਨਾਲ ਬੰਨ੍ਹੇ ਨਹੀਂ ਹਨ। ਉਨ੍ਹਾਂ ਸੁਆਲ ਕੀਤਾ ਕਿ ਕਿੱਥੇ ਹਨ ਉਹ ਸਿੱਖ ਸੰਸਦ ਮੈਂਬਰ, ਮੰਤਰੀ ਅਤੇ ਕਾਰਕੁਨ ਜੋ ਭਾਰਤ ਵਿੱਚ ਸਿੱਖ ਮੁੱਦਿਆਂ 'ਤੇ ਬੋਲਣ ਤੋਂ ਕਦੇ ਝਿਜਕਦੇ ਨਹੀਂ. ? ਜਦੋਂ ਅਮਰੀਕਾ ਵਿੱਚ ਸਿੱਖ ਪਛਾਣ ਨੂੰ ਕੁਚਲਿਆ ਜਾਂਦਾ ਹੈ ਤਾਂ ਕੀ ਉਨ੍ਹਾਂ ਦੀ ਆਵਾਜ਼ ਬੰਦ ਹੋ ਜਾਂਦੀ ਹੈ ? ਫਰਾਂਸ ਵਲੋਂ ਦਸਤਾਰ ਉਪਰ ਲਗਾਈ ਗਈ ਪਾਬੰਦੀ ਪ੍ਰਤੀ ਸਮੂਹਿਕ ਸਿੱਖ ਹੁੰਗਾਰੇ ਦੇ ਸਮਾਨਾਂਤਰ ਬਣਾਉਂਦੇ ਹੋਏ ਜੀ.ਕੇ ਨੇ ਭਾਈਚਾਰੇ ਨੂੰ ਯਾਦ ਦਿਵਾਇਆ ਕਿ ਦਸਤਾਰ ਦੀ ਲੜਾਈ ਹਮੇਸ਼ਾਂ ਇੱਕ ਵਿਸ਼ਵਵਿਆਪੀ ਰਹੀ ਹੈ । ਉਨ੍ਹਾਂ ਯਾਦ ਕਰਵਾਇਆ ਕਿ ਜਦੋਂ ਫਰਾਂਸ ਨੇ ਸਕੂਲਾਂ ਅਤੇ ਸਰਕਾਰੀ ਦਸਤਾਵੇਜ਼ਾਂ ਵਿੱਚ ਦਸਤਾਰ 'ਤੇ ਪਾਬੰਦੀ ਲਗਾ ਦਿੱਤੀ, ਤਾਂ ਸਿੱਖ ਆਪਣੀ ਆਵਾਜ਼ ਉਠਾਉਣ ਤੋਂ ਪਹਿਲਾਂ ਵੀਜ਼ਾ ਸਟੈਂਪਾਂ ਦੀ ਮੰਗ ਕੀਤੇ ਬਿਨਾਂ, ਸਰਹੱਦਾਂ ਦੇ ਪਾਰ, ਇਕੱਠੇ ਖੜ੍ਹੇ ਸਨ। ਹੁਣ ਝਿਜਕ ਕਿਉਂ ? ਜਦੋਂ ਅਮਰੀਕੀ ਧਰਤੀ 'ਤੋਂ ਨੰਗੇ ਸਿਰ ਸਿੱਖ ਡਿਪੋਰਟ ਕੀਤੇ ਗਏ ਤਾਂ ਚੁੱਪ ਕਿਉਂ ? ਜੀ.ਕੇ ਨੇ ਦੇਸ਼ ਨਿਕਾਲੇ ਵਾਲਿਆਂ ਨੂੰ ਵਾਪਸ ਲਿਆਉਣ ਲਈ ਆਪਣੇ ਜਹਾਜ਼ ਭੇਜਣ ਵਿੱਚ ਅਸਫਲ ਰਹਿਣ ਲਈ ਭਾਰਤ ਸਰਕਾਰ ਦੀ ਵੀ ਆਲੋਚਨਾ ਕੀਤੀ ਅਤੇ ਇਸ ਨੂੰ ਰਾਸ਼ਟਰੀ ਸ਼ਰਮਨਾਕ ਕਰਾਰ ਦਿੱਤਾ। ਉਨ੍ਹਾਂ ਅਮਰੀਕਨ ਕਾਰਕੁੰਨਾਂ, ਕੈਨੇਡਾ ਵਿੱਚ ਦਰਜਨਾਂ ਤੋਂ ਵੱਧ ਸਿੱਖ ਸੰਸਦ ਮੈਂਬਰਾਂ ਅਤੇ ਯੂਕੇ ਵਿੱਚ 11 ਸਿੱਖ ਸੰਸਦ ਮੈਂਬਰਾਂ ਦੀ ਆਲੋਚਨਾ ਕੀਤੀ ਅਤੇ ਸਵਾਲ ਕੀਤਾ ਕਿ ਉਨ੍ਹਾਂ ਵਿੱਚੋਂ ਇੱਕ ਨੇ ਵੀ ਇਸ ਬੇਇਨਸਾਫ਼ੀ ਵਿਰੁੱਧ ਕਿਉਂ ਨਹੀਂ ਬੋਲਿਆ। ਜੀ ਕੇ ਨੇ ਚੇਤਾਵਨੀ ਦੇਂਦਿਆ ਕਿਹਾ ਕਿ "ਜੇਕਰ ਪੱਛਮ ਦੇ ਸਿੱਖ ਆਗੂ ਇਸ ਮਸਲੇ ਤੇ ਚੁੱਪ ਰਹਿੰਦੇ ਹਨ ਕਿ ਜਦੋਂ ਸਾਡੇ ਆਪਣੇ ਲੋਕਾਂ ਨੂੰ ਸ਼ਰਮਿੰਦਾ ਕੀਤਾ ਜਾਂਦਾ ਹੈ, ਤਾਂ ਉਨ੍ਹਾਂ ਵਲੋਂ ਇੱਕ ਖ਼ਤਰਨਾਕ ਮਿਸਾਲ ਕਾਇਮ ਕੀਤੀ ਜਾ ਰਹੀ ਹੈ ਕਿ ਸਿੱਖ ਪਛਾਣ ਨੂੰ ਬਿਨਾਂ ਨਤੀਜੇ ਦੇ ਉਲੰਘਿਆ ਜਾ ਸਕਦਾ ਹੈ। ਦਸਤਾਰ ਸਿਰਫ਼ ਕੱਪੜਾ ਨਹੀਂ ਹੈ, ਇਹ ਸਾਡੀ ਪਛਾਣ ਹੈ ਅਤੇ ਜੇਕਰ ਅਸੀਂ ਹੁਣ ਇਸਦਾ ਬਚਾਅ ਕਰਨ ਵਿੱਚ ਅਸਫਲ ਰਹਿੰਦੇ ਹਾਂ, ਤਾਂ ਅਸੀਂ ਆਪਣੇ ਸਿਧਾਂਤਾਂ ਨਾਲ ਵਿਸ਼ਵਾਸਘਾਤ ਕਰਦੇ ਹਾਂ । ਉਨ੍ਹਾਂ ਨੇ ਵਿਦੇਸ਼ੀ ਸਿੱਖ ਭਾਈਚਾਰੇ ਨੂੰ ਜਵਾਬਦੇਹੀ ਦੀ ਮੰਗ ਕਰਨ ਦੀ ਅਪੀਲ ਕੀਤੀ, ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਸ ਸਮੇਂ ਉਨ੍ਹਾਂ ਦੀ ਚੁੱਪ ਸਿੱਖਾਂ ਨੂੰ ਬੋਲ਼ੇ ਕਰਨ ਵਾਲੀ ਹੋਵੇਗੀ।

> **ਯੂਕੇ, ਕੈਨੇਡਾ, ਅਮਰੀਕਾ ਦੇ ਸਿੱਖ ਸੰਸਦ ਮੈਂਬਰਾਂ/ਕਾਰਕੁਨ੍ਹਾਂ ਦੀ ਚੁੱਪ ਸਿੱਖ ਦੀ ਪਛਾਣ ਲਈ ਖਤਰਨਾਕ**

# ਕੌਣ ਹੈ ਦਿੱਲੀ ਦੀ ਮੁੱਖ ਮੰਤਰੀ ਬਣਨ ਵਾਲੀ ਰੇਖਾ ਗੁਪਤਾ



ਸ਼ਾਲੀਮਾਰ ਬਾਗ ਤੋਂ ਦਿੱਲੀ ਵਿਧਾਨ ਸਭਾ ਵਿੱਚ ਪੈਰ ਧਰਨ ਵਾਲੀ ਸ੍ਰੀਮਤੀ ਰੇਖਾ ਗੁਪਤਾ ਪਤਨੀ ਮੁਨੀਸ਼ ਗੁਪਤਾ ਦਿੱਲੀ ਦੀ ਨਵੀਂ ਮੁੱਖ ਮੰਤਰੀ ਹੋਵੇਗੀ। 19 ਜੁਲਾਈ 1974 ਦੀ ਜਨਮੀ ਸ੍ਰੀਮਤੀ ਰੇਖਾ ਗੁਪਤਾ ਹਰਿਆਣਾ ਦੇ ਜੁਲਾਨਾ ਦੀ ਜੰਮਪਲ ਹੈ। ਉਹ ਪੇਸ਼ੇ ਤੋਂ ਵਕੀਲ ਰਹੇ ਹਨ। ਉਸਨੇ ਆਪਣੀ ਪੜ੍ਹਾਈ ਚੌਧਰੀ ਚਰਨ ਸਿੰਘ ਯੂਨੀਵਰਸਿਟੀ ਮੇਰਠ, ਦਿੱਲੀ ਯੂਨੀਵਰਸਿਟੀ ਅਤੇ IMIRC ਕਾਲਜ ਆਫ ਲਾਅ, ਗਾਜੀਆਬਾਦ ਤੋਂ ਪ੍ਰਾਪਤ ਕੀਤੀ ਹੈ। ਉਹ ਦਿੱਲੀ ਯੂਨੀਵਰਸਿਟੀ ਸਟੂਡੈਂਟ ਯੂਨੀਅਨ ਦੀ ਪ੍ਰਧਾਨ ਅਤੇ ਜਨਰਲ ਸਕੱਤਰ ਰਹੀ ਹੈ। ਉਹ ਦੋ ਵਾਰ 2007, 2012 'ਚ ਪੀਤਮਪੁਰਾ ਉੱਤਰੀ ਤੋਂ ਕੌਂਸਲਰ ਰਹੀ ਹੈ। ਉਹ ਸ਼ੁਸ਼ਮਾ ਸਵਰਾਜ, ਸ਼ੀਲਾ ਦੀਕਸ਼ਤ ਅਤੇ ਆਤਿਸ਼ੀ ਤੋਂ ਬਾਅਦ ਦਿੱਲੀ ਦੀ ਚੌਥੀ ਔਰਤ ਅਤੇ ਵੈਸੇ ਨੌਂਵੀਂ ਮੁੱਖ ਮੰਤਰੀ ਹੋਵੇਗੀ। ਉਹ ਕੱਲ੍ਹ ਰਾਮਲੀਲਾ ਮੈਦਾਨ ਵਿੱਚ ਅਹੁਦੇ ਦੀ ਸਹੁੰ ਚੁੱਕੇਗੀ। ਉਸਨੇ ਆਪ ਦੀ ਬੰਦਨਾ ਕੁਮਾਰੀ ਨੂੰ 29595 ਵੋਟਾਂ ਨਾਲ ਹਰਾਇਆ ਸੀ।

**- ਸ਼ਿਵਜੀਤ ਸਿੰਘ 'ਫਰੀਦਕੋਟ'**

# 5 ਮਾਰਚ ਦੇ ਅਣਮਿੱਥੇ ਸਮੇਂ ਦੇ ਧਰਨੇ ਲਈ ਵਿਚਾਰ ਵਟਾਂਦਰਾ ਕੀਤਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਅੱਜ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਬਲਾਕ ਧੂਰੀ ਅਤੇ ਬਲਾਕ ਸ਼ੇਰਪੁਰ ਦੀ ਭੁਪਿੰਦਰ ਸਿੰਘ ਭੁੱਲਰਹੇੜੀ ਅਤੇ ਬਲਾਕ ਸ਼ੇਰਪੁਰ ਦੇ ਪ੍ਰਧਾਨ ਪ੍ਰੀਤਮ ਸਿੰਘ ਬਾਦਸ਼ਾਹਪੁਰ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਸ਼ਮੂਲੀਅਤ ਕੀਤੀ। ਇਸ ਮੀਟਿੰਗ ਦੌਰਾਨ ਕਿਸਾਨੀ ਮੋਰਚੇ ਵਿੱਚ ਰਹਿੰਦੀਆਂ ਮੰਗਾਂ ਨੂੰ ਪੂਰਾ ਕਰਵਾਉਣ ਲਈ 5 ਮਾਰਚ ਤੋਂ ਅਣਮਿੱਥੇ ਸਮੇਂ ਦੇ ਦਿੱਤੇ ਜਾ ਰਹੇ ਧਰਨੇ ਵਿੱਚ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਆਗੂਆਂ ਨੇ ਮੰਗ ਕੀਤੀ ਕਿ ਕੇਂਦਰ ਸਰਕਾਰ ਸੰਯੁਕਤ ਕਿਸਾਨ ਮੋਰਚੇ ਨਾਲ ਮੰਗੀਆਂ ਮੰਗਾਂ ਤੁਰੰਤ ਲਾਗੂ ਕਰੇ ਅਤੇ ਨਵੀਂ ਖੇਤੀ ਨੀਤੀ ਦਾ ਖਰੜਾ ਤੁਰੰਤ ਇਜਲਾਸ ਬੁਲਾ ਕੇ ਰੱਦ ਕੀਤਾ ਜਾਵੇ। ਅਮਰੀਕਾ ਦੀ ਟਰੰਪ ਸਰਕਾਰ ਵੱਲੋਂ ਨੋਜਵਾਨਾਂ ਦੇ ਹੱਥਾਂ ਵਿੱਚ ਹੱਥਕੜੀਆਂ ਲਗਾ ਕੇ ਵਾਪਸ ਭਾਰਤ ਭੇਜੇ ਜਾਣ ਦੀ ਨਿਖੇਧੀ ਕਰਦਿਆਂ ਪੰਜਾਬ ਸਰਕਾਰ ਤੋਂ ਰੁਜਗਾਰ ਦਾ ਪ੍ਰਬੰਧ ਕਰਨ ਦੀ ਮੰਗ ਕੀਤੀ ਗਈ। ਬੇਸਹਾਰਾ ਪਸ਼ੂਆਂ ਕਾਰਨ ਕਿਸਾਨਾਂ ਦੀਆਂ ਫਸਲਾਂ ਦੇ ਹੋ ਰਹੇ ਨੁਕਸਾਨ ਨੂੰ ਰੋਕਣ ਦੀ ਮੰਗ ਕਰਦਿਆਂ ਮੱਕੀ ਦੇ ਬੀਜ ਦੀ ਕਮੀ ਨੂੰ ਪੂਰਾ ਕਰਨ ਦੀ ਮੰਗ ਕੀਤੀ ਗਈ। ਇਸ ਮੌਕੇ ਰਛਪਾਲ ਸਿੰਘ ਦੋਹਲਾ ਸੂਬਾ ਸਕੱਤਰ, ਜਗਰੂਪ ਸਿੰਘ ਦੋਹਲਾ, ਗੁਰਜੀਤ ਸਿੰਘ ਭੜੀ ਮਾਨਸਾ, ਬਲਵਿੰਦਰ ਸਿੰਘ ਜੱਖਲਾਂ, ਮਲਕੀਤ ਸਿੰਘ ਜੱਖਲਾਂ, ਗੁਰਮੁੱਖ ਸਿੰਘ ਜੱਖਲਾਂ, ਜਗਤੇਜ ਸਿੰਘ, ਜਗਤੇਜ ਸਿੰਘ ਭੁੱਲਰਹੇੜੀ, ਸੁਰਜੀਤ ਸਿੰਘ ਘਨੌਰੀ, ਜੀਤ ਸਿੰਘ ਜਹਾਂਗੀਰ, ਸ਼ੇਰ ਸਿੰਘ ਦੋਹਲਾ, ਨਿਰਭੈ ਸਿੰਘ ਦੋਹਲਾ, ਜੋਗਿੰਦਰ ਸਿੰਘ ਕੋਲਸੇੜੀ ਅਤੇ ਰਛਪਾਲ ਸਿੰਘ ਕੋਲਸੇੜੀ ਆਦਿ ਵੀ ਹਾਜਰ ਸਨ।

# ਧੂਰੀ ਪੁਲਿਸ ਨੇ ਜਨਵਰੀ ਤੋਂ ਹੁਣ ਤੱਕ ਐਨ.ਡੀ.ਪੀ.ਐਸ ਐਕਟ ਤਹਿਤ 8 ਮੁਕੱਦਮੇ ਦਰਜ ਕੀਤੇ - ਐਸ.ਪੀ ਮਨਦੀਪ ਸਿੰਘ



**ਧੂਰੀ ( ਰਣਜੀਤ ਸਿੰਘ ਪੇਧਨੀ )**-ਕਪਤਾਨ ਪੁਲਿਸ ਧੂਰੀ ਸ਼੍ਰੀ ਮਨਦੀਪ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਅਤੇ ਸ੍ਰੀ ਸਰਤਾਜ ਸਿੰਘ ਚਾਹਲ ਐਸ.ਐਸ.ਪੀ ਸੰਗਰੂਰ ਦੇ ਹੁਕਮਾਂ ਅਨੁਸਾਰ ਨਸ਼ਾ ਸਮੱਗਲਰਾਂ, ਮਾੜੇ ਅਨਸਰਾਂ ਖਿਲਾਫ ਪੁਲਿਸ ਵੱਲੋਂ ਚਲਾਈ ਜਾ ਰਹੀ ਵਿਸੇਸ਼ ਮੁਹਿੰਮ ਤਹਿਤ ਇੰਸਪੈਕਟਰ ਬਲਵੰਤ ਸਿੰਘ ਮੁੱਖ ਅਫਸਰ ਥਾਣਾ ਸ਼ੇਰਪੁਰ, ਇੰਸ: ਜਸਵੀਰ ਸਿੰਘ, ਮੁੱਖ ਅਫਸਰ ਥਾਣਾ ਸਿਟੀ ਧੂਰੀ ਅਤੇ ਥਾਣੇ: ਕਰਮਜੀਤ ਸਿੰਘ, ਮੁੱਖ ਅਫਸਰ ਥਾਣਾ ਸਦਰ ਧੂਰੀ ਦੀ ਅਗਵਾਈ ਹੇਠ ਮੁਕਾਮੀ ਪੁਲਿਸ ਨੇ ਮਿਲ ਕੇ ਪ੍ਰਭਾਵਸਾਲੀ ਢੰਗ ਨਾਲ ਨਸ਼ਾ ਸਮੱਗਲਰਾਂ ਤੇ ਮਾੜੇ ਅਨਸਰਾਂ ਦੇ ਖਿਲਾਫ ਕਾਰਵਾਈ ਕਰਦੇ ਹੋਏ ਉਨ੍ਹਾਂ ਪਾਸੋ ਵੱਡੀ ਮਾਤਰਾ ਵਿੱਚ ਹੈਰੋਇਨ, ਅਫੀਮ ਅਤੇ ਸ਼ਰਾਬ ਅਤੇ ਚੋਰੀਸ਼ੁਦਾ ਮਾਲ ਬ੍ਰਾਮਦ ਕਰਵਾ ਕੇ ਵੱਡੀ ਕਾਮਯਾਬੀ ਹਾਸਲ ਕੀਤੀ ਹੈ। ਸ੍ਰੀ ਮਨਦੀਪ ਸਿੰਘ ਕਪਤਾਨ ਪੁਲਿਸ ਧੂਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਿਤੀ 01.01.2025 ਤੋ ਮਿਤੀ 17.02.2025 ਤੱਕ ਐਨ.ਡੀ.ਪੀ.ਐਸ ਐਕਟ ਤਹਿਤ ਕੁੱਲ 08 ਮੁਕੱਦਮੇ ਦਰਜ ਕਰਕੇ 119 ਗ੍ਰਾਮ ਹੈਰੋਇਨ/ਚਿੱਟਾ ਅਤੇ 450 ਗ੍ਰਾਮ ਅਫੀਮ ਬ੍ਰਾਮਦ ਕਰਵਾਈ ਗਈ, ਆਬਕਾਰੀ ਐਕਟ ਤਹਿਤ ਕੁੱਲ 05 ਮੁਕੱਦਮੇ ਦਰਜ ਕਰਕੇ 134 ਬੋਤਲਾਂ ਸ਼ਰਾਬ ਠੇਕਾ ਦੇਸੀ ਬ੍ਰਾਮਦ ਕਰਵਾਈਆ ਗਈਆ ਅਤੇ 01 ਚੋਰੀ ਦਾ ਮੁਕੱਦਮਾ ਟਰੇਸ ਕਰਕੇ ਚੋਰੀ ਕੀਤੇ 04 ਮੋਟਰ ਸਾਇਕਲ ਬ੍ਰਾਮਦ ਕਰਵਾਏ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਤੋ ਇਲਾਵਾ ਕਰੀਮੀਨਲ ਵਿਅਕਤੀਆਂ ਖਿਲਾਫ ਦਰਜ ਕੀਤੇ ਕੇਸਾਂ ਦਾ ਪਹਿਲ ਦੇ ਅਧਾਰ ਉਤੇ ਨਿਪਟਾਰਾ ਕਰਨ ਅਤੇ ਪੀੜਤ ਵਿਅਕਤੀਆਂ ਨੂੰ ਪਹਿਲ ਦੇ ਅਧਾਰ ਤੇ ਇਨਸਾਫ ਦੇਣ ਲਈ ਇਸ ਸਾਲ ਦੇ ਸਵਾ ਮਹੀਨੇ ਦੇ ਸਮੇ ਅੰਦਰ 176 ਮੁਕਦਮਿਆਂ ਦੀਆ ਫਾਇਨਲ ਰਿਪੋਰਟਾਂ/ਚਲਾਨ ਮਾਨਯੋਗ ਅਦਾਲਤ ਵਿਚ ਪੇਸ਼ ਕੀਤੇ ਗਏ ਹਨ। ਇਸ ਤੋ ਇਲਾਵਾ ਮਾੜੇ ਅਨਸਰਾਂ ਖਿਲਾਫ ਅਤੇ ਆਵਾਜਾਈ ਦੇ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਿਅਕਤੀਆ ਖਿਲਾਫ ਸਖਤੀ ਨਾਲ ਕਾਰਵਾਈ ਕਰਦੇ ਹੋਏ ਇਸ ਸਾਲ ਵਿਚ ਹੁਣ ਤੱਕ 1321 ਟ੍ਰੈਫਿਕ ਚਲਾਨ ਕੀਤੇ ਗਏ ਹਨ। ਐਸ.ਪੀ ਨੇ ਦੱਸਿਆ ਕਿ ਭਵਿੱਖ ਵਿਚ ਵੀ ਪੰਜਾਬ ਸਰਕਾਰ ਅਤੇ ਸੀਨੀਅਰ ਅਧਿਕਾਰੀਆਂ ਦੇ ਹੁਕਮਾਂ ਮੁਤਾਬਿਕ ਕਾਰਵਾਈ ਕਰਦੇ ਹੋਏ ਨਸ਼ਾ ਸਮੱਗਲਰਾਂ/ ਮਾੜੇ ਅਨਸਰਾਂ ਦੇ ਖਿਲਾਫ ਸਖਤੀ ਨਾਲ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਉਨ੍ਹਾਂ ਕਿਹਾ ਕਿ ਸਬ ਡਵੀਜਨ ਧੂਰੀ ਅੰਦਰ ਅਮਨ ਤੇ ਕਾਨੂੰਨ ਨੂੰ ਬਰਕਰਾਰ ਰੱਖਣ ਅਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਕਾਰਵਾਈ ਕਰਨ ਲਈ ਪੁਲਿਸ ਹਮੇਸ਼ਾਂ ਯਤਨਸ਼ੀਲ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਕਾਰ ਸੇਵਾ ਦੇ ਥੰਮ ਮਹਾਂਪੁਰਸ਼ਾਂ ਦੀ ਯਾਦ ਵਿੱਚ ''ਸਾਲਾਨਾ ਜੋੜ ਮੇਲ'' ''ਗੁਰਮਤਿ ਸਮਾਗਮ'' ਵਿੱਚ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਹਾਜਰੀ ਭਰੀ








ਕਾਰ ਸੇਵਾ ਦੇ ਥੰਮ ਮਹਾਂਪੁਰਸ਼ਾਂ ਦੀ ਯਾਦ ਵਿੱਚ ''ਸਾਲਾਨਾ ਜੋੜ ਮੇਲ'' ''ਗੁਰਮਤਿ ਸਮਾਗਮ'' ਵਿੱਚ ਗੁਰਦੁਆਰਾ ਹੀਰਾ ਬਾਗ ਪਟਿਆਲਾ ਵਿਖੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਹਾਜਰੀ ਭਰੀ ਮਹਾਂਪੁਰਸ਼ ਬਾਬਾ ਅਮਰੀਕ ਸਿੰਘ ਕਾਰ ਸੇਵਾ ਪਟਿਆਲਾ ਵਾਲਿਆਂ ਨੇ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ।

## ਆਲ ਇੰਡੀਆ ਪੰਥਕ ਕਨਵੈਨਸ਼ਨ ਵੱਲੋਂ ਗਿਆਨੀ ਹਰਪ੍ਰੀਤ ਸਿੰਘ ਨੂੰ ਸੇਵਾ ਮੁਕਤ ਕਰਨ ਦਾ ਫੈਸਲਾ ਮੁੱਢੋਂ ਰੱਦ

# ਵਿਸ਼ਵ ਪੱਧਰ ’ਤੇ ਤਾਲਮੇਲ ਕਮੇਟੀ ਬਣਾਉਣ ਲਈ ਮਤਾ ਪਾਸ

### ☛ ਜਥੇਦਾਰ ਸਾਹਿਬਾਨ ਦੀ ਨਿਯੁਕਤੀ ਬਾਰੇ ਵਿਧੀ ਵਿਧਾਨ ਬਣਾਉਣ ਲਈ ਵੀ ਮਤਾ ਪਾਸ ਇਕ ਪਰਿਵਾਰ ਨੂੰ ਬਚਾਉਣ ਵਾਸਤੇ ਸਿੱਖ ਸੰਸਥਾਵਾਂ ਦਾ ਘਾਣ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ: ਹਰਮੀਤ ਸਿੰਘ ਕਾਲਕਾ, ਜਗਦੀਪ ਸਿੰਘ ਕਾਹਲੋਂ











**ਨਵੀਂ ਦਿੱਲੀ, 19 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਯੋਜਿਤ ਆਲ ਇੰਡੀਆ ਪੰਥਕ ਕਨਵੈਨਸ਼ਨ ਨੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੀਆਂ ਸੇਵਾਵਾਂ ਸਮਾਪਤ ਕਰਨ ਬਾਰੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲਿਆ ਗਿਆ ਫੈਸਲਾ ਮੁੱਢੋਂ ਹੀ ਰੱਦ ਕਰ ਦਿੱਤਾ ਹੈ ਤੇ ਗਿਆਨੀ ਹਰਪ੍ਰੀਤ ਸਿੰਘ ਨੂੰ ਕਿਹਾ ਹੈ ਕਿ ਉਹ ਸਿੱਖ ਧਰਮ ਦੇ ਵਿਸ਼ਵ ਭਰ ਵਿਚ ਪ੍ਰਚਾਰ ਤੇ ਪ੍ਰਸਾਰ ਲਈ ਕੰਮ ਕਰਨ ਜਿਸ ਵਾਸਤੇ ਦਿੱਲੀ ਗੁਰਦੁਆਰਾ ਕਮੇਟੀ ਸਮੇਤ ਸਮੁੱਚੀਆਂ ਸਿੱਖ ਸੰਸਥਾਵਾਂ ਉਹਨਾਂ ਦਾ ਸਾਥ ਦੇਣਗੀਆਂ।

ਅੱਜ ਇਥੇ ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ ਵਿਚ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਹੋਈ ਆਲ ਇੰਡੀਆ ਪੰਥਕ ਕਨਵੈਨਸ਼ਨ ਵਿਚ ਅੱਜ ਅੱਧਾ ਦਰਜਨ ਦੇ ਕਰੀਬ ਮਤੇ ਸਰਬਸੰਮਤੀ ਨਾਲ ਪ੍ਰਵਾਨ ਕੀਤੇ ਗਏ। ਇਹਨਾਂ ਵਿਚ ਪਹਿਲੇ ਮਤੇ ਰਾਹੀਂ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ 2 ਦਸੰਬਰ ਨੂੰ ਸੁਣਾਏ ਗਏ ਹੁਕਮਨਾਮੇ ਨੂੰ ਇੰਨ ਬਿਨ ਲਾਗੂ ਕਰਵਾਉਣ ਦੀ ਹਮਾਇਤ ਕੀਤੀ ਗਈ। ਦੂਜੇ ਮਤੇ ਰਾਹੀਂ ਗਿਆਨੀ ਹਰਪ੍ਰੀਤ ਸਿੰਘ ਜੀ ਦੀਆਂ ਸੇਵਾਵਾਂ ਖ਼ਤਮ ਕਰਨ ਦੇ ਫੈਸਲੇ ਨੂੰ ਮੁੱਢੋਂ ਰੱਦ ਕੀਤਾ ਗਿਆ ਤੇ ਉਹਨਾਂ ਨੂੰ ਵਿਸ਼ਵ ਭਰ ਵਿਚ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਕਰਨ ਵਾਸਤੇ ਮੁਹਿੰਮ ਜਾਰੀ ਰੱਖਣ ਦੀ ਅਪੀਲ ਕੀਤੀ ਗਈ। ਤੀਜੇ ਮਤੇ ਰਾਹੀਂ 1984 ਦੇ ਸਿੱਖ ਕਤਲੇਆਮ ਦੇ ਦੋਸ਼ੀਆਂ ਦਾ ਸਰਨਾ ਭਰਾਵਾਂ ਵੱਲੋਂ ਮਾਣ ਸਨਮਾਨ ਕਰਨ ਦੀ ਨਿਖੇਧੀ ਕੀਤੀ ਗਈ ਤੇ ਪ੍ਰਣ ਲਿਆ ਗਿਆ ਕਿ ਇਸ ਕਤਲੇਆਮ ਦੇ ਸਾਰੇ ਦੋਸ਼ੀਆਂ ਨੂੰ ਸਜ਼ਾਵਾਂ ਦੁਆਉਣ ਤੱਕ ਦਿੱਲੀ ਗੁਰਦੁਆਰਾ ਕਮੇਟੀ ਦੀ ਮੌਜੂਦਾ ਟੀਮ ਆਪਣਾ ਸੰਘਰਸ਼ ਜਾਰੀ ਰੱਖੇਗੀ। ਚੌਥੇ ਮਤੇ ਰਾਹੀਂ ਇਕੱਠ ਨੇ ਵਿਸ਼ਵ ਪੱਧਰ ’ਤੇ ਸਿੱਖਾਂ ਦੀ ਤਾਲਮੇਲ ਕਮੇਟੀ ਬਣਾਉਣ ਦੀ ਤਜਵੀਜ਼ ਰੱਖੀ ਤਾਂ ਜੋ ਦੇਸ਼ ਵਿਦੇਸ਼ ਦੀਆਂ ਪ੍ਰਮੁੱਖ ਪ੍ਰਬੰਧਕ ਕਮੇਟੀਆਂ ਦੀ ਸ਼ਮੂਲੀਅਤ ਕਰਵਾ ਕੇ ਸਿੱਖ ਕੌਮ ਨੂੰ ਦਰਪੇਸ਼ ਚੁਣੌਤੀਆਂ ਦੇ ਹੱਲ ਵਾਸਤੇ ਸਾਂਝੇ ਉਦਮ ਕੀਤੇ ਜਾਣ। ਇਹ ਵੀ ਕਿਹਾ ਗਿਆ ਕਿ ਜਥੇਦਾਰ ਸਾਹਿਬਾਨ ਦੀ ਨਿਯੁਕਤੀ ਵਾਸਤੇ ਵਿਧੀ ਵਿਧਾਨ ਬਣਾਇਆ ਜਾਵੇ। ਇਕ ਹੋਰ ਮਤੇ ਰਾਹੀਂ ਕਨਵੈਨਸ਼ਨ ਵਿਚ ਕਮੇਟੀ ਦੇ ਸਾਬਕਾ ਪ੍ਰਧਾਨ ਮਨਜੀਤ ਸਿੰਘ ਜੀ.ਕੇ. ਦੇ ਖਿਲਾਫ ਕੇਸਾਂ ਵਿਚ ਚਾਰਜਸ਼ੀਟ ਦਾਇਰ ਕਰਨ ਦਾ ਸਵਾਗਤ ਕੀਤਾ ਗਿਆ ਤੇ ਸੰਗਤ ਨੂੰ ਅਪੀਲ ਕੀਤੀ ਗਈ ਕਿ ਅਜਿਹੇ ਲੋਕਾਂ ਨੂੰ ਮੂੰਹ ਨਾ ਲਗਾਇਆ ਜਾਵੇ। ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ



ਕਾਹਲੋਂ ਵੱਲੋਂ ਜੈਕਾਰਿਆਂ ਨਾਲ ਪਾਸ ਕੀਤੇ ਮਤੇ ਰਾਹੀਂ ਸੰਗਤ ਨੇ ਅਦਾਲਤ ਨੂੰ ਅਪੀਲ ਕੀਤੀ ਕਿ 1984 ਦੇ ਸਿੱਖ ਕਤਲੇਆਮ ਦੇ ਕੇਸ ਵਿਚ ਕਾਂਗਰਸੀ ਆਗੂ ਸੱਜਣ ਕੁਮਾਰ ਨੂੰ ਫਾਂਸੀ ਦੀ ਸਜ਼ਾ ਦਿੱਤੀ ਜਾਵੇ। ਸੰਗਤ ਨੂੰ ਸੰਬੋਧਨ ਕਰਦਿਆਂ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਮੌਜੂਦਾ ਦੌਰ ਵਿਚ ਸਿਰਫ 10 ਜਣੇ ਹੀ ਅਕਾਲੀ ਦਲ ਨੂੰ ਡੋਬਣ ’ਤੇ ਲੱਗੇ ਹਨ ਜਿਸ ਵਿਚੋਂ 2 ਦਿੱਲੀ ਦੇ ਹਨ ਤੇ 8 ਪੰਜਾਬ ਦੇ ਹਨ। ਉਹਨਾਂ ਕਿਹਾ ਕਿ ਦਿੱਲੀ ਵਾਲਿਆਂ ਨੇ ਕਾਰ ’ਤੇ ਹਥੋੜਾ ਮਾਰ ਕੇ ਹੁਣ ਉਸ ’ਤੇ ਸਵਾਰੀ ਕਰ ਲਈ ਹੈ। ਉਹਨਾਂ ਕਿਹਾ ਕਿ ਬਾਕੀ ਸਾਰੀ ਕੌਮ ਪੰਥ ਦੀ ਬੇਹਤਰੀ ਲਈ ਕੰਮ ਕਰ ਰਹੀ ਹੈ ਪਰ ਇਹ 10 ਜਣੇ ਪੰਥ ਦੇ ਖਿਲਾਫ ਕੰਮ ਕਰ ਰਹੇ ਹਨ। ਇਸ ਕਨਵੈਨਸ਼ਨ ਵਿਚ ਬਾਬਾ ਬਲਜੀਤ ਸਿੰਘ ਦਾਦੂਵਾਲ ਨੇ ਕਿਹਾ ਕਿ ਅੱਜ ਦੀ ਕਨਵੈਨਸ਼ਨ ਦੀ ਮੇਜ਼ਬਾਨੀ ਕਰਨ ਵਾਸਤੇ ਦਿੱਲੀ ਗੁਰਦੁਆਰਾ ਕਮੇਟੀ ਵਧਾਈ ਦੀ ਪਾਤਰ ਹੈ। ਉਹਨਾਂ ਕਿਹਾ ਕਿ ਅੱਜ ਜਿਹੜੇ ਹਾਲਾਤ ਸ਼੍ਰੋਮਣੀ ਕਮੇਟੀ ਤੇ ਸ਼੍ਰੋਮਣੀ ਅਕਾਲੀ ਦਲ ਤੇ ਤਖਤ ਸਾਹਿਬਾਨ ਦੇ ਜੋ ਹਾਲ ਹਨ, ਉਸ ਲਈ ਬਾਦਲ ਪਰਿਵਾਰ ਜ਼ਿੰਮੇਵਾਰ ਹੈ। ਉਹਨਾਂ ਕਿਹਾ ਕਿ ਉਹ ਗਿਆਨੀ ਰਘਬੀਰ ਸਿੰਘ ਜਥੇਦਾਰ ਅਕਾਲ ਤਖਤ ਨੂੰ ਅਪੀਲ ਕਰਦੇ ਹਨ ਕਿ ਇਸ ਮਸਲੇ ਦਾ ਹੱਲ ਉਹਨਾ ਚਿਰ ਨਹੀਂ ਹੋਣਾ ਜਿੰਨਾ ਚਿਰ ਉਹ ਅਕਾਲੀ ਫੂਲਾ ਸਿੰਘ ਦਾ ਰੋਲ ਨਹੀਂ ਨਿਭਾਉਂਦੇ ਤੇ ਸੁਖਬੀਰ ਸਿੰਘ ਬਾਦਲ ਨੂੰ ਪੰਥ ਵਿਚੋਂ ਖਾਰਜ ਨਹੀਂ ਕਰਦੇ। ਇਸ ਪੰਥਕ ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਇਕ ਪਰਿਵਾਰ ਨੂੰ ਬਚਾਉਣ ਵਾਸਤੇ ਸਿੱਖ ਸੰਸਥਾਵਾਂ ਦਾ ਘਾਣ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਹਨਾਂ ਕਿਹਾ ਕਿ ਪੰਜਾਬ ਵਿਚ ਸਿੱਖੀ ਸੰਸਥਾਵਾਂ ਦਾ ਘਾਣ ਕੀਤਾ ਜਾ ਰਿਹਾ ਹੈ ਤੇ ਜੇਕਰ ਕੋਈ ਵੀ ਇਕ ਪਰਿਵਾਰ ਦੇ ਹੁਕਮ ਤੋਂ ਬਾਹਰ ਜਾਂਦਾ ਹੈ ਤਾਂ ਉਸਨੂੰ ਸਿਆਸੀ ਤੌਰ ’ਤੇ ਖ਼ਤਮ ਕਰਨ ਵਾਸਤੇ ਕੋਈ ਕਸਰ ਨਹੀਂ ਛੱਡੀ ਜਾਂਦੀ। ਉਹਨਾਂ ਕਿਹਾ ਕਿ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਇਸ ਪਰਿਵਾਰ ਦੇ ਰਾਜਕਾਲ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਬੇਅਦਬੀਆਂ ਹੋਈਆਂ, ਡੇਰਾ ਸਿਰਸਾ ਵਾਲੇ ਨੂੰ ਮੁਆਫੀਆਂ ਦਿੱਤੀਆਂ ਗਈਆਂ ਤੇ ਹੋਰ ਬਜ਼ਰ ਗੁਨਾਹ ਹੋਏ ਪਰ ਇਸ ਪਰਿਵਾਰ ਨੂੰ ਕੋਈ ਫਰਕ ਨਹੀਂ ਪਿਆ। ਉਹਨਾਂ ਕਿਹਾ ਕਿ ਹੁਣ ਸੰਗਤ ਨੇ ਇਸ ਪਰਿਵਾਰ ਦੀ ਅਗਵਾਈ ਵਾਲੇ ਅਕਾਲੀ ਨੂੰ ਬਿਲਕੁਲ ਜ਼ੀਰੋ ਕਰ ਦਿੱਤਾ ਹੈ। ਇਸ ਪੰਥਕ ਕਨਵੈਨਸ਼ਨ ਵਿਚ ਜਸਪ੍ਰੀਤ ਸਿੰਘ ਕਰਮਸਰ ਚੇਅਰਮੈਨ ਧਰਮ ਪ੍ਰਚਾਰ ਕਮੇਟੀ ਨੇ ਮੰਚ ਸੰਚਾਲਨ ਕੀਤਾ। ਸਮਾਗਮ ਵਿਚ ਭਾਈ ਜਸਬੀਰ ਸਿੰਘ ਰੋਡੇ, ਗਿਆਨੀ ਹਰਪ੍ਰੀਤ ਸਿੰਘ, ਬਾਬਾ ਮੇਜਰ ਸਿੰਘ, ਬਾਬਾ ਸੁੰਦਰ ਸਿੰਘ, ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਬਾਬਾ ਜੋਗਾ ਸਿੰਘ ਕਰਨਾਲ ਵਾਲੇ, ਕਰਮਜੀਤ ਸਿੰਘ ਜਗਾਧਰੀ ਵਾਲੇ, ਬਾਬਾ ਗੁਰਬਚਨ ਸਿੰਘ, ਮਹੰਤ ਰੇਸ਼ਮ ਸਿੰਘ, ਬਾਬਾ ਬਚਨ ਸਿੰਘ, ਹਰਪਾਲ ਸਿੰਘ ਜੌਹਲ, ਮੋਹਕਮ ਸਿੰਘ ਦਮਦਮੀ ਟਕਸਾਲ, ਸਾਬਕਾ ਐਮ ਪੀ ਤਰਲੋਚਨ ਸਿੰਘ, ਗੁਰਦੀਪ ਸਿੰਘ ਉੱਤਰਾਖੰਡ, ਅਜੈਪਾਲ ਸਿੰਘ ਪ੍ਰਧਾਨ ਸਿੱਖ ਸਮਾਜ ਰਾਜਸਥਾਨ, ਜਸਬੀਰ ਸਿੰਘ ਸਾਬਕਾ ਚੇਅਰਮੈਨ ਘੱਟ ਗਿਣਤੀ ਕਮਿਸ਼ਨ, ਬਾਬਾ ਮੇਜਰ ਸਿੰਘ ਤਰਣਾ ਦਲ, ਰਾਜਿੰਦਰ ਸਿੰਘ ਚੇਨਈ, ਇੰਦਰਬੀਰ ਸਿੰਘ ਸੁਲਤਾਨੀ ਅੰਮ੍ਰਿਤਸਰ, ਤਰਲੋਚਨ ਸਿੰਘ ਗੰਭੀਰ ਮੈਂਬਰ ਘੱਟ ਗਿਣਤੀ ਕਮਿਸ਼ਨ, ਜਗਜੀਤ ਸਿੰਘ ਦਰਦੀ ਟਾਈਮ ਟੀ ਵੀ, ਪਰਵਿੰਦਰ ਸਿੰਘ ਮੈਂਬਰ, ਬਾਬਾ ਅਰਜਨ ਸਿੰਘ ਆਲਮਪੁਰ, ਅਜੀਤ ਸਿੰਘ ਛਾਬੜਾ, ਗੁਰਬਖਸ਼ ਸਿੰਘ ਤਖਤ ਸ੍ਰੀ ਹਜ਼ੂਰ ਸਾਹਿਬ, ਗੁਰਦੀਪ ਸਿੰਘ ਬਠਿੰਡਾ, ਗੁਰਦੀਪ ਸਿੰਘ ਸੀ ਈ ਓ, ਸੰਤੋਖ ਸਿੰਘ, ਬਾਬਾ ਸਾਹਿਬ ਸਿੰਘ ਗੁਰੂ ਨਾਨਕ ਦਲ, ਮਨਜੀਤ ਸਿੰਘ ਭਾਟੀਆ, ਗੁਰਦੀਪ ਸਿੰਘ ਦੇਹਰਾਦੂਨ, ਬਾਬਾ ਮਾਨ ਸਿੰਘ, ਗੁਰਿੰਦਰ ਸਿੰਘ ਗੋਬਿੰਦ ਬਾਗ, ਨਿਰਮਲ ਪੰਚਾਇਤੀ ਅਖਾੜਾ ਤੋਂ ਬਾਬਾ ਰੇਸ਼ਮ ਸਿੰਘ, ਬਾਬਾ ਅਵਤਾਰ ਸਿੰਘ ਬਿਧੀ ਚੰਦ ਸੰਸਥਾ ਅਤੇ ਬਾਬਾ ਨਾਹਰ ਸਿੰਘ ਸਮੇਤ ਹੋਰ ਸ਼ਖਸੀਅਤਾਂ ਹਾਜ਼ਰ ਸਨ।


ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਸ਼ਹੀਦੀਆਂ ਸਿੰਘ ਸਿੰਘਣੀਆਂ

• ਸ਼ਹੀਦੀ ਸਾਕਾ : ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ • ਸ਼ਹੀਦੀ ਸਾਕਾ : ਸ੍ਰੀ ਗੰਗਸਰ ਸਾਹਿਬ ਜੈਤੋ ਦੇ ਮੋਰਚੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 22 ਫਰਵਰੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ**

ਐਤਵਾਰ 23 ਫਰਵਰੀ 2025 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਰੂਪ ਸਿੰਘ ਦਮਦਮੀ ਟਕਸਾਲ ਵਾਲੇ ਕਥਾ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਇਨ੍ਹਾਂ ਸਮਾਗਮਾਂ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778